ਬੁੱਧਵਾਰ, 10 ਜੁਲਾਈ, 2024
27 ਹਾੜ੍ਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 39

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 10 JULY, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਜਾਲ੍ਹੀ ਗੈਸ ਕੁਨੈਕਸ਼ਨਾਂ ਦਾ ਪਤਾ ਲਾਉਣ ਲਈ ਮੁਹਿੰਮ

**ਨਵੀਂ ਦਿੱਲੀ** : ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਦੱਸਿਆ ਹੈ ਕਿ ਤੇਲ ਮਾਰਕੀਟਿੰਗ ਕੰਪਨੀਆਂ ਵੱਲੋਂ ਈ-ਕੇ ਵਾਈ ਸੀ ਇਸ ਕਰਕੇ ਕਰਵਾਈ ਜਾ ਰਹੀ ਹੈ ਤਾਂ ਕਿ ਜਾਲ੍ਹੀ ਐੱਲ ਪੀ ਜੀ ਖਾਤਿਆਂ ਨੂੰ ਬੰਦ ਕੀਤਾ ਜਾ ਸਕੇ। ਉਨ੍ਹਾ ਕਿਹਾ ਕਿ ਵੱਡੀ ਗਿਣਤੀ ਲੋਕ ਜਾਲ੍ਹੀ ਕੁਨੈਕਸ਼ਨਾਂ ਜ਼ਰੀਏ ਗੈਸ ਸਿਲੰਡਰ ਲੈ ਲੈਂਦੇ ਹਨ ਤੇ ਅੱਗੇ ਵਪਾਰੀਆਂ ਜਾਂ ਦੁਕਾਨਦਾਰਾਂ ਨੂੰ ਵੇਚ ਦਿੰਦੇ ਹਨ। ਉਨ੍ਹਾ ਕੇਰਲਾ ਦੇ ਵਿਰੋਧੀ ਧਿਰ ਦੇ ਆਗੂ ਦੇ ਸੋਸ਼ਲ ਮੀਡੀਆ 'ਤੇ ਆਏ ਸਵਾਲ ਦੇ ਜਵਾਬ ਵਿਚ ਕਿਹਾ ਕਿ ਐੱਲ ਪੀ ਜੀ ਗੈਸ ਦੀ ਕੇ ਵਾਈ ਸੀ ਦੀ ਕੋਈ ਡੈਡਲਾਈਨ ਨਹੀਂ ਰੱਖੀ ਗਈ ਹੈ।

## ਪਤੰਜਲੀ ਦੇ 14 ਪਦਾਰਥ ਵਿਕਣੇ ਬੰਦ

**ਨਵੀਂ ਦਿੱਲੀ** : ਪਤੰਜਲੀ ਆਯੁਰਵੈਦ ਲਿਮਟਿਡ ਨੇ ਮੰਗਲਵਾਰ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਸ ਨੇ ਉਤਰਾਖੰਡ ਸਟੇਟ ਲਾਇਸੈਂਸਿੰਗ ਅਥਾਰਟੀ ਵੱਲੋਂ ਅਪਰੈਲ ਵਿਚ 14 ਪਦਾਰਥਾਂ ਦੇ ਲਾਇਸੈਂਸ ਮੁਅੱਤਲ ਕਰਨ ਤੋਂ ਬਾਅਦ ਇਨ੍ਹਾਂ ਪਦਾਰਥਾਂ ਦੀ ਵਿਕਰੀ ਰੋਕ ਦਿੱਤੀ ਹੈ ਤੇ ਇਨ੍ਹਾਂ ਪਦਾਰਥਾਂ ਦੀ ਵਿਕਰੀ ਰੋਕਣ ਲਈ ਪਤੰਜਲੀ ਫਰੈਂਚਾਇਜ਼ੀ ਦੀਆਂ 5606 ਦੁਕਾਨਾਂ ਤੋਂ ਵੀ ਇਨ੍ਹਾਂ ਪਦਾਰਥਾਂ ਨੂੰ ਹਟਾ ਲਿਆ ਹੈ। ਇਸ ਤੋਂ ਇਲਾਵਾ ਮੀਡੀਆ ਅਦਾਰਿਆਂ ਨੂੰ ਵੀ ਇਨ੍ਹਾਂ 14 ਪਦਾਰਥਾਂ ਬਾਰੇ ਇਸ਼ਤਿਹਾਰ ਪ੍ਰਕਾਸ਼ਤ ਨਾ ਕਰਨ ਲਈ ਕਿਹਾ ਗਿਆ ਹੈ। ਸੁਪਰੀਮ ਕੋਰਟ ਦੀ ਬੈਂਚ ਨੇ ਪਤੰਜਲੀ ਨੂੰ ਕਿਹਾ ਕਿ ਇਸ ਸੰਬੰਧ ਵਿਚ ਹਲਫਨਾਮਾ ਦੋ ਹਫਤਿਆਂ ਵਿਚ ਦਾਇਰ ਕੀਤਾ ਜਾਵੇ।

## ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਨਵੇਂ ਚੀਫ ਜਸਟਿਸ ਨੇ ਸਹੁੰ ਚੁੱਕੀ

**ਚੰਡੀਗੜ੍ਹ** : ਪੰਜਾਬ ਰਾਜ ਭਵਨ ਵਿਚ ਮੰਗਲਵਾਰ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਜਸਟਿਸ ਸ਼ੀਲ ਨਾਗੂ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਵਜੋਂ ਸਹੁੰ ਚੁਕਾਈ। ਜਸਟਿਸ ਨਾਗੂ ਇਸ ਤੋਂ ਪਹਿਲਾਂ ਮੱਧ ਪ੍ਰਦੇਸ਼ ਹਾਈ ਕੋਰਟ ਦੇ ਕਾਰਜਕਾਰੀ ਚੀਫ ਜਸਟਿਸ ਵਜੋਂ ਸੇਵਾ ਨਿਭਾਅ ਰਹੇ ਸਨ। ਇਹ ਨਿਯੁਕਤੀ ਅਜਿਹੇ ਸਮੇਂ ਹੋਈ ਹੈ ਜਦੋਂ ਹਾਈ ਕੋਰਟ 31 ਜੱਜਾਂ ਦੀ ਘਾਟ ਅਤੇ 436,351 ਤੋਂ ਵੱਧ ਬਕਾਏ ਕੇਸਾਂ ਨਾਲ ਜੂਝ ਰਹੀ ਹੈ। ਹਾਈ ਕੋਰਟ ਲਈ 85 ਜੱਜਾਂ ਦੀ ਮਨਜ਼ੂਰੀ ਹੈ ਪਰ ਇਸ ਵੇਲੇ 54 ਜੱਜ ਹਨ। ਇਸ ਸਾਲ ਤਿੰਨ ਜੱਜਾਂ ਦੀ ਸੇਵਾਮੁਕਤੀ ਅਤੇ ਅਗਲੇ ਸਾਲ ਤਿੰਨ ਹੋਰ ਜੱਜਾਂ ਦੀ ਸੇਵਾਮੁਕਤੀ ਤੋਂ ਬਾਅਦ ਇਹ ਸਥਿਤੀ ਹੋਰ ਵਿਗੜਨ ਦੀ ਉਮੀਦ ਹੈ।

## ਉਡਾਣ ਭਰਦਿਆਂ ਜਹਾਜ਼ ਦਾ ਪਹੀਆ ਡਿੱਗਿਆ

**ਲਾਸ ਏਂਜਲਸ** : ਅਮਰੀਕਾ ਦੇ ਲਾਸ ਏਂਜਲਸ 'ਚ ਉਡਾਣ ਭਰਦੇ ਵੇਲੇ ਯੂਨਾਈਟਿਡ ਏਅਰਲਾਈਨਜ਼ ਦੇ ਬੋਇੰਗ ਜੈੱਟ ਜਹਾਜ਼ ਦਾ ਪਹੀਆ ਡਿੱਗ ਗਿਆ, ਪਰ ਜਹਾਜ਼ ਨੂੰ ਸੁਰੱਖਿਅਤ ਉਤਾਰ ਲਿਆ ਗਿਆ। ਏਅਰਲਾਈਨ ਕੰਪਨੀ ਨੇ ਕਿਹਾ ਕਿ ਇਸ ਘਟਨਾ 'ਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਘਟਨਾ ਵੇਲੇ ਬੋਇੰਗ 757-200 ਜਹਾਜ਼ 'ਚ 174 ਯਾਤਰੀ ਅਤੇ ਸੱਤ ਚਾਲਕ ਦਲ ਦੇ ਮੈਂਬਰ ਸਵਾਰ ਸਨ। ਇਸ ਤੋਂ ਪਹਿਲਾਂ 7 ਮਾਰਚ ਨੂੰ ਸਾਨਫਰਾਂਸਿਸਕੋ ਤੋਂ ਉਡਾਣ ਭਰਨ ਵਾਲੇ ਯੂਨਾਈਟਿਡ ਏਅਰਲਾਈਨਜ਼ ਦੇ ਬੋਇੰਗ ਬੀ 777-200 ਜੈੱਟ ਜਹਾਜ਼ ਦਾ ਪਹੀਆ ਹਵਾ ਵਿਚ ਟੁੱਟ ਕੇ ਡਿੱਗ ਗਿਆ ਸੀ।

## ਬੱਸ ਪਲਟਣ ਨਾਲ 4 ਮੌਤਾਂ

**ਹਰਦੋਈ** : ਯੂ ਪੀ ਦੇ ਹਰਦੋਈ-ਮਾਧੋਗੰਜ ਰੋਡ 'ਤੇ ਮੰਗਲਵਾਰ ਬੱਸ ਪਲਟਣ ਨਾਲ 3 ਔਰਤਾਂ ਸਣੇ 4 ਵਿਅਕਤੀਆਂ ਦੀ ਮੌਤ ਹੋ ਗਈ ਤੇ ਛੇ ਗੰਭੀਰ ਜ਼ਖ਼ਮੀ ਹੋ ਗਏ। ਬੱਸ 'ਚ 25 ਸਵਾਰੀਆਂ ਸਨ।

## ਭਾਰਤੀ ਵਿਦਿਆਰਥੀ ਡੁੱਬਿਆ

**ਨਿਊਯਾਰਕ** : ਇੱਥੋਂ ਦੀ ਟ੍ਰਾਈਨ ਯੂਨੀਵਰਸਿਟੀ ਵਿਚ ਪੜ੍ਹਦੇ 25 ਸਾਲਾ ਭਾਰਤੀ ਵਿਦਿਆਰਥੀ ਸਾਈ ਸੂਰੀਆ ਗਡੇ ਦੀ ਬਾਰਬਰਵਿਲੇ ਫਾਲਜ਼ ਵਿਚ ਡੁੱਬਣ ਕਾਰਨ ਮੌਤ ਹੋ ਗਈ। ਉਹ ਤੇਲੰਗਾਨਾ ਤੋਂ ਸੀ ਤੇ 2023-24 ਸੈਸ਼ਨ ਦੌਰਾਨ ਉਸ ਨੇ ਦਾਖਲਾ ਲਿਆ ਸੀ।

## ਕੇਜਰੀਵਾਲ ਨੂੰ ਸੰਮਨ

**ਨਵੀਂ ਦਿੱਲੀ** : ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਦਿੱਲੀ ਆਬਕਾਰੀ ਨੀਤੀ ਮਾਮਲੇ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵਿਰੁੱਧ ਦਾਇਰ ਈ ਡੀ ਦੀ ਸੱਤਵੀਂ ਚਾਰਜਸ਼ੀਟ ਦਾ ਮੰਗਲਵਾਰ ਨੋਟਿਸ ਉਨ੍ਹਾ ਨੂੰ 12 ਜੁਲਾਈ ਲਈ ਸੰਮਨ ਜਾਰੀ ਕੀਤਾ। ਈ ਡੀ ਦਾ ਦੋਸ਼ ਹੈ ਕਿ ਕੇਜਰੀਵਾਲ ਆਬਕਾਰੀ ਘੁਟਾਲੇ ਦਾ ਮੁੱਖ ਸਾਜ਼ਿਸ਼ਕਰਤਾ ਸੀ। ਦੂਜੇ ਪਾਸੇ ਅਰਵਿੰਦ ਕੇਜਰੀਵਾਲ ਦੀ ਪਤਨੀ ਦਾ ਦੋਸ਼ ਹੈ ਕਿ ਮੁੱਖ ਮੰਤਰੀ ਨੂੰ ਜਾਣਬੁੱਝ ਕੇ ਇਸ ਮਾਮਲੇ ਵਿਚ ਫਸਾਇਆ ਜਾ ਰਿਹਾ ਹੈ।

## ਪੇਪਰ ਲੀਕ ਮਾਮਲੇ 'ਚ ਪਟਨਾ ਤੋਂ ਦੋ ਗ੍ਰਿਫਤਾਰ

**ਪਟਨਾ** : ਸੀ ਬੀ ਆਈ ਨੇ ਨੀਟ-ਯੂ ਜੀ 2024 ਵਿਚ ਬੇਨੇਮੀਆਂ ਤੇ ਪੇਪਰ ਲੀਕ ਮਾਮਲੇ 'ਤੇ ਦੋ ਹੋਰਨਾਂ ਨੂੰ ਪਟਨਾ ਤੋਂ ਕਾਬੂ ਕੀਤਾ ਹੈ। ਸੀ ਬੀ ਆਈ ਨੇ ਮਹਾਰਾਸ਼ਟਰ ਦੇ ਲਾਤੂਰ 'ਚ ਬੀਤੇ ਦਿਨੀਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਸੀ, ਜਿਸ ਨਾਲ ਹੁਣ ਤੱਕ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਗਿਣਤੀ ਗਿਆਰਾਂ ਹੋ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਦੀ ਪੜਤਾਲ ਪਹਿਲਾਂ ਮਹਾਰਾਸ਼ਟਰ ਪੁਲਸ ਨੇ ਕੀਤੀ ਸੀ। ਮੈਡੀਕਲ ਦਾਖਲਾ ਪ੍ਰੀਖਿਆ 5 ਮਈ ਨੂੰ ਹੋਈ ਸੀ, ਜਿਸ ਵਿਚ ਬੇਨੇਮੀਆਂ ਕਾਰਨ ਵਿਵਾਦ ਭਖ ਗਿਆ ਸੀ। ਇਸ ਤੋਂ ਬਾਅਦ ਕੇਂਦਰ ਨੇ ਏਜੰਸੀ ਨੂੰ ਮਾਮਲੇ ਦੀ ਜਾਂਚ ਕਰਨ ਲਈ ਕਿਹਾ ਸੀ।

# ਹੱਥ ਜੋੜ ਕੇ ਬੇਨਤੀ ਹੈ...



ਕੈਪਟਨ ਅੰਸ਼ੂਮਨ ਸਿੰਘ ਅਤੇ ਰਾਸ਼ਟਰਪਤੀ ਦਰੋਪਦੀ ਮੁਰਮੂ ਤੋਂ ਕੀਰਤੀ ਚੱਕਰ ਹਾਸਲ ਕਰਦੀ ਉਨ੍ਹਾ ਦੀ ਮਾਤਾ ਮੰਜੂ ਸਿੰਘ ਤੇ ਵਿਧਵਾ ਸਮ੍ਰਿਤੀ।

**ਰਾਏ ਬਰੇਲੀ** : ਕੀਰਤੀ ਚੱਕਰ ਵਿਜੇਤਾ ਕੈਪਟਨ ਅੰਸ਼ੂਮਨ ਸਿੰਘ ਦੀ ਮਾਤਾ ਮੰਜੂ ਸਿੰਘ ਨੇ ਮੰਗਲਵਾਰ ਕੇਂਦਰ ਸਰਕਾਰ ਨੂੰ ਬੇਨਤੀ ਕੀਤੀ ਕਿ ਉਹ ਭਾਰਤੀ ਫੌਜ ਵਿਚ ਆਰਜ਼ੀ ਭਰਤੀ ਦੀ ਅਗਨੀਵੀਰ ਸਕੀਮ ਨੂੰ ਬੰਦ ਕਰ ਦੇਵੇ।

ਮੰਜੂ ਸਿੰਘ ਨੇ ਮੰਗਲਵਾਰ ਯੂ ਪੀ ਦੇ ਰਾਏ ਬਰੇਲੀ ਵਿਚ ਰਾਹੁਲ ਗਾਂਧੀ ਨਾਲ ਮੁਲਾਕਾਤ ਤੋਂ ਬਾਅਦ ਕਿਹਾ-ਮੈਂ ਹੱਥ ਜੋੜ ਕੇ ਸਰਕਾਰ ਨੂੰ ਬੇਨਤੀ ਕਰਦੀ ਹਾਂ ਕਿ ਅਗਨੀਵੀਰ ਸਕੀਮ ਬੰਦ ਕਰ ਦਿਓ। ਇਹ ਚਾਰ ਸਾਲ ਦੀ ਹੈ ਤੇ ਠੀਕ ਨਹੀਂ। ਫੌਜੀਆਂ ਨੂੰ ਮਿਲਦੀ ਪੈਨਸ਼ਨ, ਕੰਟੀਨ ਤੇ ਹਰ ਹੋਰ ਸਹੂਲਤ ਜਾਰੀ ਰਹਿਣੀ ਚਾਹੀਦੀ ਹੈ।

ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਕੈਪਟਨ ਅੰਸ਼ੂਮਨ ਸਿੰਘ ਨੂੰ ਮਰਨ ਉਪਰੰਤ ਕੀਰਤੀ ਚੱਕਰ ਪ੍ਰਦਾਨ ਕੀਤਾ ਸੀ। ਕੈਪਟਨ ਅੰਸ਼ੂਮਨ ਸਿੰਘ ਆਰਮੀ ਮੈਡੀਕਲ ਕੋਰ, 26ਵੀਂ ਬਟਾਲੀਅਨ, ਪੰਜਾਬ ਰਜਮੈਂਟ ਵਿਚ ਸਨ। 18-19 ਜੁਲਾਈ 2023 ਦੀ ਰਾਤ ਸਿਆਚਿਨ ਵਿਚ ਮਨੀਸ਼ਨ ਡੰਪ 'ਚ ਸ਼ਾਰਟ ਸਰਕਟ ਨਾਲ ਅੱਗ ਲੱਗ ਗਈ ਸੀ। ਉਸ ਦੌਰਾਨ ਨੇੜਲੇ ਮੈਡੀਕਲ ਸਟੋਰ ਵਿੱਚੋਂ ਦਵਾਈਆਂ ਕੱਢਦਿਆਂ ਉਹ ਬੁਰੀ ਤਰ੍ਹਾਂ ਜਲ ਗਏ ਸਨ ਤੇ ਬਾਅਦ ਵਿਚ ਦਮ ਤੋੜ ਗਏ ਸਨ। ਇਸ ਤੋਂ ਪਹਿਲਾਂ ਉਨ੍ਹਾ ਡੰਪ ਨੇੜਲੀ ਫਾਈਬਰ ਗਲਾਸ ਹੱਟ ਦੇ ਅੰਦਰੋਂ ਕਈ ਜਣਿਆਂ ਨੂੰ ਬਚਾਇਆ ਸੀ। ਦਵਾਈਆਂ ਬਚਾਉਣ ਵੱਲ ਉਨ੍ਹਾ ਦਾ ਬਾਅਦ ਵਿਚ ਧਿਆਨ ਗਿਆ ਸੀ।

ਯੂ ਪੀ ਦੇ ਦੇਵਰੀਆ ਜ਼ਿਲ੍ਹੇ ਦੇ ਪਿੰਡ ਬਰਡੀਹਾ ਦਲਪਤ ਦੇ ਅੰਸ਼ੂਮਨ ਸਿੰਘ ਦਾ ਵਿਆਹ ਤ੍ਰਾਸਦੀ ਤੋਂ ਪੰਜ ਮਹੀਨੇ ਪਹਿਲਾਂ 10 ਫਰਵਰੀ 2023 ਵਿਚ ਹੋਇਆ ਸੀ। ਉਹ 15 ਦਿਨ ਪਹਿਲਾਂ ਹੀ ਸਿਆਚਿਨ ਗਏ ਸਨ। ਉਨ੍ਹਾ ਦੀ ਪਤਨੀ ਸਮ੍ਰਿਤੀ ਪਠਾਨਕੋਟ ਦੀ ਹੈ। ਦੋਹਾਂ ਦੀ ਮੁਲਾਕਾਤ ਕਾਲਜ ਵਿਚ ਪੜ੍ਹਦਿਆਂ ਹੋਈ ਸੀ। ਸਮ੍ਰਿਤੀ ਮੁਤਾਬਕ ਇੰਜੀਨੀਅਰਿੰਗ ਕਾਲਜ ਦੇ ਪਹਿਲੇ ਦਿਨ ਮੁਲਾਕਾਤ ਪਿਆਰ ਵਿਚ ਬਦਲ ਗਈ ਸੀ। ਫਿਰ ਅੱਠ ਸਾਲ ਦੂਰੀ ਰਹੀ, ਪਰ ਰਿਸ਼ਤਾ ਬਣਿਆ ਰਿਹਾ।

ਅੰਸ਼ੂਮਨ ਦੇ ਫੌਜੀ ਪਿਤਾ ਰਵੀ ਪ੍ਰਤਾਪ ਸਿੰਘ ਨੇ ਕਿਹਾ-ਅਸੀਂ ਕੀਰਤੀ ਚੱਕਰ ਪ੍ਰਦਾਨ ਕਰਨ ਦੇ ਸਮੇਂ ਰਾਹੁਲ ਗਾਂਧੀ ਨੂੰ ਮਿਲੇ ਸਾਂ, ਜਿਹੜੇ ਉੱਥੇ ਮੌਜੂਦ ਸਨ, ਕਿਉਂਕਿ ਉਹ ਰਾਏ ਬਰੇਲੀ ਆਏ ਸਨ ਤੇ ਅਸੀਂ ਲਖਨਊ ਰਹਿੰਦੇ ਹਾਂ, ਸੋ ਮਿਲਣ ਦੀ ਸੋਚੀ। ਮੈਂ ਆਪਣਾ ਨੌਜਵਾਨ ਬੇਟਾ ਗੁਆ ਲਿਆ ਹੈ। ਰਾਹੁਲ ਨੇ ਵੀ ਦਾਦੀ ਤੇ ਪਿਤਾ ਗੁਆਏ ਹਨ। ਉਹ ਦਰਦ ਨੂੰ ਸਮਝ ਸਕਦੇ ਹਨ।

ਮੰਜੂ ਸਿੰਘ ਨੇ ਕਿਹਾ ਕਿ ਰਾਹੁਲ ਨਾਲ ਬਹੁਤੀਆਂ ਗੱਲਾਂ ਫੌਜ ਤੇ ਅਗਨੀਵੀਰ ਸਕੀਮ ਬਾਰੇ ਹੋਈਆਂ। ਰਾਹੁਲ ਸਹੀ ਹਨ ਕਿ ਦੋ ਤਰ੍ਹਾਂ ਦੇ ਫੌਜੀ ਨਹੀਂ ਹੋ ਸਕਦੇ। ਸਰਕਾਰ ਨੂੰ ਉਨ੍ਹਾ ਦੀ ਗੱਲ ਸੁਣਨੀ ਚਾਹੀਦੀ ਹੈ। ਰਾਹੁਲ ਗਾਂਧੀ ਨੇ ਪਹਿਲੀ ਜੁਲਾਈ ਨੂੰ ਲੋਕ ਸਭਾ ਵਿਚ ਮੋਦੀ ਸਰਕਾਰ ਦੀ ਚਾਰ ਸਾਲਾ ਅਗਨੀਵੀਰ ਸਕੀਮ ਨੂੰ ਵਰਤੋ ਤੇ ਸੁੱਟੋ ਵਰਗੀ ਦੱਸਿਆ ਸੀ। ਇਸ 'ਤੇ ਕਾਫੀ ਹੰਗਾਮਾ ਹੋਇਆ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਰਾਹੁਲ ਦੀ ਨਿੰਦਾ ਕੀਤੀ।



## ਸ਼ੁਭਕਰਨ ਦੇ ਪਰਵਾਰ ਨੂੰ ਇੱਕ ਕਰੋੜ ਰੁਪਏ ਦਾ ਚੈੱਕ ਤੇ ਸਰਕਾਰੀ ਨੌਕਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਕਿਸਾਨ ਸੰਘਰਸ਼ ਦੌਰਾਨ ਖਨੌਰੀ ਬਾਰਡਰ ਉਤੇ ਸ਼ਹਾਦਤ ਪ੍ਰਾਪਤ ਕਰਨ ਵਾਲੇ ਨੌਜਵਾਨ ਕਿਸਾਨ ਦੇ ਪਰਵਾਰ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁਭਕਰਨ ਸਿੰਘ ਦੇ ਪਰਵਾਰ ਦੇ ਮੈਂਬਰਾਂ ਨੂੰ ਵਿੱਤੀ ਸਹਾਇਤ ਵਜੋਂ ਇਕ ਕਰੋੜ ਰੁਪਏ ਦਾ ਚੈੱਕ ਅਤੇ ਸਰਕਾਰੀ ਨੌਕਰੀ ਲਈ ਨਿਯੁਕਤੀ ਪੱਤਰ ਸੌਂਪਿਆ।

ਮੰਗਲਵਾਰ ਇੱਥੇ ਪਰਵਾਰ ਨੂੰ ਚੈੱਕ ਅਤੇ ਨਿਯੁਕਤੀ ਪੱਤਰ ਸੌਂਪਣ ਤੋਂ ਬਾਅਦ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਅੰਨਦਾਤਿਆਂ ਦੀ ਭਲਾਈ ਲਈ ਪੂਰਨ ਤੌਰ ਉਤੇ ਵਚਨਬੱਧ ਹੈ ਅਤੇ ਇਸ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾ ਕਿਹਾ ਕਿ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਨੇ ਸਰਹੱਦ ਵਿਖੇ ਗੋਲੀਬਾਰੀ ਦੌਰਾਨ ਸ਼ਹਾਦਤ ਪ੍ਰਾਪਤ ਕੀਤੀ। ਮਾਨ ਨੇ ਕਿਹਾ ਕਿ ਦਿਲ ਦਹਿਲਾਉਣ ਵਾਲੀ ਇਸ ਘਟਨਾ ਨੇ ਸਮੂਹ ਪੰਜਾਬੀਆਂ ਦੇ ਹਿਰਦਿਆਂ ਨੂੰ ਗਹਿਰੀ ਠੇਸ ਪਹੁੰਚਾਈ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸ਼ੁਭਕਰਨ ਦੀ ਸ਼ਹਾਦਤ ਪਰਵਾਰ ਲਈ ਨਾ ਪੂਰਿਆ ਜਾਣਾ ਵਾਲਾ ਘਾਟਾ ਹੈ, ਜਿਸ ਦੀ ਕਿਸੇ ਵੀ ਕੀਮਤ ਉਤੇ ਭਰਪਾਈ ਨਹੀਂ ਕੀਤੀ ਜਾ ਸਕਦੀ। ਮੁੱਖ ਮੰਤਰੀ ਨੇ ਕਿਹਾ ਕਿ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਅਤੇ ਪਰਵਾਰ ਦੇ ਜੀਅ ਨੂੰ ਸਰਕਾਰੀ ਨੌਕਰੀ ਦੇਣਾ ਸੰਕਟ ਦੀ ਇਸ ਘੜੀ ਵਿੱਚ ਸੂਬਾ ਸਰਕਾਰ ਦਾ ਨਿਮਾਣਾ ਜਿਹਾ ਯਤਨ ਹੈ।

ਉਹਨਾ ਕਿਹਾ ਕਿ ਨੌਜਵਾਨ ਕਿਸਾਨ ਨੇ ਦੇਸ਼ ਦੇ ਕਿਸਾਨਾਂ ਦੀ ਖਾਤਰ ਵੱਡੀ ਕੁਰਬਾਨੀ ਦਿੱਤੀ ਹੈ, ਜਿਸ ਕਰਕੇ ਪਰਵਾਰ ਦੀ ਮਦਦ ਕਰਨਾ ਸਰਕਾਰ ਆਪਣਾ ਫਰਜ਼ ਸਮਝਦੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੀ ਸਖ਼ਤ ਮਿਹਨਤ ਸਦਕਾ ਭਾਰਤ ਅਨਾਜ ਪੱਖੋਂ ਆਤਮ ਨਿਰਭਰ ਮੁਲਕ ਬਣਿਆ, ਜਿਸ ਕਰਕੇ ਦੇਸ਼ ਵਾਸੀ ਕਿਸਾਨਾਂ ਦੇ ਰਿਣੀ ਹਨ। ਉਨ੍ਹਾ ਦੁੱਖ ਜ਼ਾਹਰ ਕੀਤਾ ਕਿ ਆਪਣੇ ਸੀਮਤ ਕੁਦਰਤੀ ਵਸੀਲਿਆਂ ਦੇ ਬਾਵਜੂਦ ਸੂਬੇ ਦੇ ਕਿਸਾਨਾਂ ਨੇ ਦੇਸ਼ ਲਈ ਅਨਾਜ ਪੈਦਾ ਕਰਨ ਵਾਸਤੇ ਖੇਤਾਂ ਵਿੱਚ ਮੁੜ੍ਹਕਾ ਵਹਾਇਆ ਅਤੇ ਇੱਥੋਂ ਤੱਕ ਕਿ ਇਸ ਦੀ ਖਾਤਰ ਕਿਸਾਨਾਂ ਨੇ ਪਾਣੀ ਤੇ ਜਰਖੇਜ਼ ਮਿੱਟੀ ਨੂੰ ਵੀ ਦਾਅ ਉਤੇ ਲਾ ਦਿੱਤਾ। ਉਹਨਾ ਕਿਹਾ ਕਿ ਸੂਬਾ ਸਰਕਾਰ ਦਾ ਫਰਜ਼ ਬਣਦਾ ਹੈ ਕਿ ਇਸ ਔਖੀ ਘੜੀ ਵਿੱਚ ਕਿਸਾਨਾਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਬਾਂਹ ਫੜੀ ਜਾਵੇ ਅਤੇ ਸੂਬਾ ਸਰਕਾਰ ਇਸ ਸੰਬੰਧ ਵਿੱਚ ਸਿਰਤੋੜ ਯਤਨ ਕਰ ਰਹੀ ਹੈ।

## ਹਾਥਰਸ ਮਾਮਲੇ 'ਚ ਐੱਸ ਡੀ ਐੱਮ ਸਣੇ 6 ਮੁਅੱਤਲ

**ਲਖਨਊ** : ਹਾਥਰਸ ਮਾਮਲੇ ਦੀ ਜਾਂਚ ਲਈ ਬਣਾਈ ਸਿੱਟ ਨੇ ਮੰਗਲਵਾਰ ਆਪਣੀ ਰਿਪੋਰਟ ਯੂ ਪੀ ਸਰਕਾਰ ਨੂੰ ਸੌਂਪ ਦਿੱਤੀ। ਇਸ ਤੋਂ ਬਾਅਦ ਸੂਬਾ ਸਰਕਾਰ ਨੇ ਐੱਸ ਡੀ ਐੱਮ ਤੇ ਸਰਕਲ ਅਫਸਰ ਸਣੇ ਛੇ ਜਣਿਆਂ ਨੂੰ ਮੁਅੱਤਲ ਕਰ ਦਿੱਤਾ। ਇਨ੍ਹਾਂ ਅਧਿਕਾਰੀਆਂ 'ਤੇ ਆਪਣੀ ਡਿਊਟੀ ਵਿਚ ਕੋਤਾਹੀ ਕਰਨ ਦੇ ਦੋਸ਼ਾਂ ਹੇਠ ਕਾਰਵਾਈ ਕੀਤੀ ਗਈ ਹੈ। ਸੂਤਰਾਂ ਅਨੁਸਾਰ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਸਤਿਸੰਗ ਦੇ ਸਥਾਨ 'ਤੇ ਲੋੜ ਤੋਂ ਵੱਧ ਲੋਕਾਂ ਨੂੰ ਇਕੱਠਾ ਕੀਤਾ ਗਿਆ ਸੀ ਤੇ ਇਸ ਸੰਬੰਧੀ ਬਣਦੇ ਪ੍ਰਬੰਧ ਨਹੀਂ ਕੀਤੇ ਗਏ ਸਨ।

ਜ਼ਿਕਰਯੋਗ ਹੈ ਕਿ ਸੂਰਜਪਾਲ ਉਰਫ ਨਰਾਇਣ ਹਰੀ ਉਰਫ ਭੋਲੇ ਬਾਬਾ ਦੇ ਸਤਿਸੰਗ 'ਚ 2 ਜੁਲਾਈ ਨੂੰ ਭਾਜੜ ਮਚ ਗਈ ਸੀ, ਜਿਸ ਕਾਰਨ 121 ਲੋਕਾਂ ਦੀ ਮੌਤ ਹੋ ਗਈ ਸੀ।

ਪੁਲਸ ਦੀ ਐੱਫ ਆਈ ਆਰ ਵਿਚ ਦਰਜ ਹੈ ਕਿ ਸਤਿਸੰਗ ਲਈ 80,000 ਲੋਕਾਂ ਦੀ ਮਨਜ਼ੂਰੀ ਲਈ ਗਈ ਸੀ ਪਰ ਇਕੱਠ ਢਾਈ ਲੱਖ ਤੋਂ ਵੱਧ ਹੋ ਗਿਆ ਸੀ।

## ਸੁਪਰੀਮ ਕੋਰਟ ਸੁਣਵਾਈ ਕਰੇਗੀ

**ਨਵੀਂ ਦਿੱਲੀ** : ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਦੱਸਿਆ ਕਿ ਸੁਪਰੀਮ ਕੋਰਟ ਹਾਥਰਸ ਭਾਜੜ ਮਾਮਲੇ ਦੀ ਜਾਂਚ ਕਰੇਗੀ। ਇਸ ਸੰਬੰਧੀ ਜਨਤਕ ਪਟੀਸ਼ਨ ਦਾਇਰ ਕਰ ਕੇ ਮੰਗ ਕੀਤੀ ਗਈ ਸੀ ਕਿ ਇਸ ਮਾਮਲੇ ਦੀ ਜਾਂਚ ਸੁਪਰੀਮ ਕੋਰਟ ਦੇ ਸਾਬਕਾ ਜੱਜ ਦੀ ਅਗਵਾਈ ਹੇਠ ਪੰਜ ਮੈਂਬਰੀ ਮਾਹਰਾਂ ਦੇ ਪੈਨਲ ਤੋਂ ਕਰਵਾਈ ਜਾਵੇ। ਚੀਫ ਜਸਟਿਸ ਨੇ ਕਿਹਾ ਕਿ ਇਸ ਪਟੀਸ਼ਨ ਨੂੰ ਸੁਣਵਾਈ ਲਈ ਸੂਚੀਬੱਧ ਕੀਤਾ ਗਿਆ ਹੈ।

## ਯੂਕਰੇਨ ਟਕਰਾਅ ਟਾਲਣ ਲਈ ਯੋਗਦਾਨ ਪਾਉਣ ਨੂੰ ਤਿਆਰ : ਮੋਦੀ



**ਮਾਸਕੋ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਯੂਕਰੇਨ ਜੰਗ ਦੇ ਸੰਦਰਭ ਵਿਚ ਮੰਗਲਵਾਰ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੂੰ ਕਿਹਾ ਕਿ ਬੰਬਾਂ, ਬੰਦੂਕਾਂ ਤੇ ਗੋਲੀਆਂ ਦੇ ਵਿਚਕਾਰ ਅਮਨ ਵਾਰਤਾ ਕਾਮਯਾਬ ਨਹੀਂ ਹੁੰਦੀ ਅਤੇ ਜੰਗ ਦੇ ਮੈਦਾਨ ਵਿਚ ਟਕਰਾਅ ਦਾ ਹੱਲ ਸੰਭਵ ਨਹੀਂ।

ਮੋਦੀ ਨੇ ਕਿਹਾ ਕਿ ਭਾਰਤ ਅਮਨ ਦੇ ਪਾਸੇ ਹੈ ਤੇ ਯੂਕਰੇਨ ਦਾ ਟਕਰਾਅ ਖਤਮ ਕਰਨ ਲਈ ਯੋਗਦਾਨ ਪਾਉਣ ਲਈ ਤਿਆਰ ਹੈ।

ਪੁਤਿਨ ਨੇ ਮੋਦੀ ਨੂੰ ਕਿਹਾ-ਤੁਸੀਂ ਯੂਕਰੇਨ ਸੰਕਟ ਦਾ ਜੋ ਹੱਲ ਕੱਢਣ ਦੀ ਕੋਸ਼ਿਸ਼ ਕਰ ਰਹੇ ਹੋ, ਅਸੀਂ ਉਸ ਲਈ ਤੁਹਾਡੇ ਧੰਨਵਾਦੀ ਹਾਂ।

ਇੱਥੇ ਭਾਰਤੀ ਭਾਈਚਾਰੇ ਨੂੰ ਸੰਬੋਧਨ ਕਰਦੇ ਹੋਏ ਮੋਦੀ ਨੇ ਕਿਹਾ ਕਿ ਰੂਸ ਭਾਰਤ ਦਾ ਸੁੱਖ-ਦੁੱਖ ਦਾ ਭਰੋਸੇਯੋਗ ਸਾਥੀ ਹੈ। ਉਨ੍ਹਾ ਬੀਤੇ ਦੋ ਦਹਾਕਿਆਂ ਦੌਰਾਨ ਦੁਵੱਲੇ ਸੰਬੰਧਾਂ ਨੂੰ ਮਜ਼ਬੂਤ ਕਰਨ ਵਿਚ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੀ ਅਗਵਾਈ ਦੀ ਪ੍ਰਸੰਸਾ ਕੀਤੀ।

ਕੌਮਾਂਤਰੀ ਪੱਧਰ 'ਤੇ ਗਰੀਬੀ ਸਮੇਤ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਦਾ ਜ਼ਿਕਰ ਕਰਦੇ ਹੋਏ ਮੋਦੀ ਨੇ ਕਿਹਾ ਕਿ ਭਾਰਤ ਹਰ ਚੁਣੌਤੀ ਨੂੰ ਚੁਣੌਤੀ ਦੇਣ ਲਈ ਤਿਆਰ ਹੈ ਅਤੇ ਚੁਣੌਤੀ ਦੇਣਾ ਉਨ੍ਹਾ ਦੇ 'ਡੀ ਐੱਨ ਏ' ਵਿਚ ਹੈ। ਉਨ੍ਹਾ ਕਿਹਾ ਕਿ ਦਹਾਕਿਆਂ ਤੋਂ ਭਾਰਤ ਅਤੇ ਰੂਸ ਦਾ ਅਨੋਖਾ ਰਿਸ਼ਤਾ ਹੈ ਅਤੇ ਰੂਸ ਸ਼ਬਦ ਸੁਣਦਿਆਂ ਹੀ ਹਰ ਭਾਰਤੀ ਦੇ ਮਨ ਵਿਚ ਆਉਂਦਾ ਹੈ 'ਸੁੱਖ-ਦੁੱਖ ਦਾ ਸਾਥੀ'।

ਮੋਦੀ ਨੇ ਕਿਹਾ ਕਿ ਉਹ ਬੀਤੇ 10 ਸਾਲਾਂ ਵਿਚ ਛੇਵੀਂ ਵਾਰ ਰੂਸ ਆਏ ਹਨ ਅਤੇ ਪੁਤਿਨ ਨੂੰ 17 ਵਾਰ ਮਿਲ ਚੁੱਕੇ ਹਨ।

### ਜ਼ੇਲੈਂਸਕੀ ਵੱਲੋਂ ਮੋਦੀ-ਪੁਤਿਨ ਗਲਵੱਕੜੀ ਦੀ ਨਿੰਦਾ

**ਕੀਵ** : ਯੂਕਰੇਨ ਦੇ ਰਾਸ਼ਟਰਪਤੀ ਵਲੋਦੀਮੀਰ ਜ਼ੇਲੈਂਸਕੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੁਤਿਨ ਦੀ ਮੁਲਾਕਾਤ ਦੀ ਨਿੰਦਾ ਕੀਤੀ ਹੈ। ਉਨ੍ਹਾ ਕਿਹਾ ਕਿ ਜਦੋਂ ਰੂਸ ਯੂਕਰੇਨ 'ਤੇ ਲਗਾਤਾਰ ਹਮਲੇ ਕਰ ਰਿਹਾ ਹੈ, ਇਹ ਬਹੁਤ ਦੁਖਦਾਈ ਹੈ ਕਿ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦਾ ਨੇਤਾ ਮਾਸਕੋ ਜਾ ਕੇ ਦੁਨੀਆ ਦੇ ਸਭ ਤੋਂ ਵੱਡੇ ਅਪਰਾਧੀ ਨੂੰ ਗਲੇ ਲਗਾ ਲੈਂਦਾ ਹੈ। ਇਸੇ ਦੌਰਾਨ ਯੂਕਰੇਨ ਨੇ ਦਾਅਵਾ ਕੀਤਾ ਹੈ ਕਿ ਰੂਸੀ ਮਿਜ਼ਾਈਲ ਹਮਲੇ 'ਚ ਤਿੰਨ ਬੱਚਿਆਂ ਸਮੇਤ 37 ਲੋਕਾਂ ਦੀ ਮੌਤ ਹੋ ਗਈ ਅਤੇ 13 ਬੱਚਿਆਂ ਸਮੇਤ 170 ਲੋਕ ਜ਼ਖ਼ਮੀ ਹੋ ਗਏ। ਯੂਕਰੇਨ ਨੇ ਇਹ ਵੀ ਦਾਅਵਾ ਕੀਤਾ ਕਿ ਬੱਚਿਆਂ ਦੇ ਸਭ ਤੋਂ ਵੱਡੇ ਹਸਪਤਾਲ, ਜਿੱਥੇ ਕੈਂਸਰ ਤੋਂ ਪੀੜਤ ਬੱਚੇ ਇਲਾਜ ਅਧੀਨ ਸਨ, ਉੱਤੇ ਹਮਲਾ ਕੀਤਾ ਗਿਆ।

## ਪ੍ਰਧਾਨ ਵੱਲੋਂ ਸਿੱਖਿਆ ਨੀਤੀ ਦਾ ਗੁਣਗਾਨ

**ਨਵੀਂ ਦਿੱਲੀ** : ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਮੰਗਲਵਾਰ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਨਾਲ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਦੀ ਸਮੀਖਿਆ ਮੀਟਿੰਗ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕੀਤਾ। ਉਨ੍ਹਾ ਪੂਰੇ ਭਾਰਤ 'ਚ ਸਕੂਲੀ ਸਿੱਖਿਆ ਦੇ ਸਰਵਪੱਖੀ ਵਿਕਾਸ ਲਈ ਅਗਲੇ ਪੰਜ ਸਾਲਾਂ ਲਈ ਰੋਡਮੈਪ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾ ਕਿਹਾ ਕਿ ਸਿੱਖਿਆ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ ਦੇ ਵਿਜ਼ਨ ਦਾ ਮੁੱਖ ਟੀਚਾ ਹੈ। ਉਨ੍ਹਾ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ।

ਉਨ੍ਹਾ ਕਿਹਾ ਕਿ ਕੌਮੀ ਸਿੱਖਿਆ ਨੀਤੀ ਦੇ ਲੱਗਭੱਗ ਚਾਰ ਸਾਲਾਂ ਦੌਰਾਨ ਦੇਸ਼ 'ਚ ਸਿੱਖਿਆ ਪ੍ਰਣਾਲੀ ਨੇ ਬਹੁਤ ਤਰੱਕੀ ਕੀਤੀ ਹੈ। ਇਸ ਨੂੰ ਲਾਗੂ ਕਰਨਾ ਭਾਰਤ ਨੂੰ ਇੱਕ ਗਿਆਨ ਮਹਾਂਸ਼ਕਤੀ 'ਚ ਬਦਲਣ ਅਤੇ ਮਿਆਰੀ ਸਿੱਖਿਆ ਤੱਕ ਬਰਾਬਰ, ਸੰਮਲਿਤ ਪਹੁੰਚ ਨੂੰ ਸਮਰੱਥ ਬਣਾਉਣ ਦੀ ਕੁੰਜੀ ਹੈ। ਭਾਰਤੀ ਭਾਸ਼ਾਵਾਂ 'ਚ ਸਿੱਖਿਆ ਬਾਰੇ ਬੋਲਦਿਆਂ ਉਨ੍ਹਾ ਕਿਹਾ ਕਿ ਕੌਮੀ ਸਿੱਖਿਆ ਨੀਤੀ 2020 ਮਾਤ ਭਾਸ਼ਾ ਸਮੇਤ ਸਾਰੀਆਂ ਭਾਰਤੀ ਭਾਸ਼ਾਵਾਂ 'ਚ ਸਿੱਖਿਆ ਦੇ ਮਹੱਤਵ 'ਤੇ ਜ਼ੋਰ ਦਿੰਦੀ ਹੈ। ਉਨ੍ਹਾ ਸਿੱਖਿਆ ਲਈ ਪਹੁੰਚ, ਬਰਾਬਰੀ, ਗੁਣਵੱਤਾ, ਸਮਰੱਥਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ।

## ਲੀਡਰ ਦੇ ਪੁੱਤ ਵੱਲੋਂ ਸਰੰਡਰ

**ਮੁੰਬਈ** : ਬੀ ਐੱਮ ਡਬਲਊ ਹਿੱਟ ਐਂਡ ਰਨ ਮਾਮਲੇ ਦੇ ਮੁੱਖ ਮੁਲਜ਼ਮ 24 ਸਾਲਾ ਮਿਹਿਰ ਸ਼ਾਹ ਨੇ ਮੰਗਲਵਾਰ ਵਕੀਲ ਨਾਲ ਆਤਮ-ਸਮਰਪਣ ਕਰ ਦਿੱਤਾ ਤੇ ਬਾਅਦ ਵਿਚ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ। ਪੁਲਸ ਨੇ ਉਸ ਖਿਲਾਫ ਇਕ ਦਿਨ ਪਹਿਲਾਂ ਲੁੱਕ ਆਊਟ ਸਰਕੂਲਰ (ਐੱਲ ਓ ਸੀ) ਜਾਰੀ ਕੀਤਾ ਸੀ। ਉਸ ਨੇ ਐਤਵਾਰ ਤੜਕੇ ਵਰਲੀ ਇਲਾਕੇ 'ਚ ਇਕ ਮਹਿਲਾ ਨੂੰ ਕਾਰ ਨਾਲ ਟੱਕਰ ਮਾਰ ਦਿੱਤੀ ਸੀ, ਜਿਸ ਨਾਲ ਉਸ ਦੀ ਮੌਤ ਹੋ ਗਈ ਸੀ।



ਮਿਹਿਰ ਪਾਲਘਰ ਜ਼ਿਲ੍ਹੇ ਦੇ ਸ਼ਿਵ ਸੈਨਾ ਆਗੂ ਰਾਜੇਸ਼ ਸ਼ਾਹ ਦਾ ਪੁੱਤਰ ਹੈ। ਰਾਜੇਸ਼ ਸ਼ਾਹ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੇ ਕਾਫੀ ਕਰੀਬੀ ਦੱਸਿਆ ਜਾਂਦਾ ਹੈ।

## ਵਕੀਲਾਂ ਲਈ ਯੋਗਤਾ ਅੰਕ ਘਟਾਉਣ ਦੀ ਪਟੀਸ਼ਨ ਰੱਦ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਆਲ ਇੰਡੀਆ ਬਾਰ ਐਗਜ਼ਾਮੀਨੇਸ਼ਨ (ਏ ਆਈ ਬੀ ਈ) ਲਈ ਯੋਗਤਾ ਅੰਕਾਂ ਨੂੰ ਘਟਾਉਣ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ ਮੰਗਲਵਾਰ ਰੱਦ ਕਰ ਦਿੱਤਾ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ ਕਿ ਜੇ ਏ ਆਈ ਬੀ ਈ ਲਈ ਨਿਰਧਾਰਤ ਕੱਟ-ਆਫ ਅੰਕ ਘੱਟ ਕੀਤੇ ਜਾਂਦੇ ਹਨ, ਤਾਂ ਇਸ ਨਾਲ ਬਾਰ 'ਚ ਦਾਖਲ ਹੋਣ ਵਾਲੇ ਵਕੀਲਾਂ ਦੀ ਗੁਣਵੱਤਾ ਪ੍ਰਭਾਵਤ ਹੋਵੇਗੀ। ਇਸ ਦੇ ਨਾਲ ਹੀ ਚੀਫ ਜਸਟਿਸ ਨੇ ਪਟੀਸ਼ਨਰਾਂ ਨੂੰ ਹੋਰ ਅਧਿਐਨ ਕਰਨ ਦੀ ਨਸੀਹਤ ਦਿੱਤੀ।

ਪਟੀਸ਼ਨ 'ਚ ਕੱਟ-ਆਫ ਅੰਕਾਂ ਨੂੰ ਜਨਰਲ ਸ਼੍ਰੇਣੀ ਅਤੇ ਓ ਬੀ ਸੀ ਲਈ 40 ਪ੍ਰਤੀਸ਼ਤ ਅਤੇ ਐੱਸ ਸੀ/ ਐੱਸ ਟੀ ਉਮੀਦਵਾਰਾਂ ਲਈ 35 ਪ੍ਰਤੀਸ਼ਤ ਕਰਨ ਦੀ ਮੰਗ ਕੀਤੀ ਗਈ ਸੀ। ਇਸ ਵੇਲੇ ਜਨਰਲ ਸ਼੍ਰੇਣੀ ਲਈ 45 ਪ੍ਰਤੀਸ਼ਤ ਅਤੇ ਬਾਕੀਆਂ ਲਈ 40 ਪ੍ਰਤੀਸ਼ਤ ਹੈ। ਚੀਫ ਜਸਟਿਸ ਨੇ ਕਿਹਾ ਕਿ ਜੇ ਕੋਈ ਏਨੇ ਅੰਕ ਨਹੀਂ ਲੈ ਸਕਦਾ ਤਾਂ ਕਿਸ ਤਰ੍ਹਾਂ ਦਾ ਵਕੀਲ ਬਣੇਗਾ। ਉਨ੍ਹਾ ਪਟੀਸ਼ਨਰਾਂ ਨੂੰ ਕਿਹਾ-ਪੜ੍ਹੋ ਭਾਈ।

## ਡੀ ਜੀ ਪੀ ਵੱਲੋਂ ਮੁਕਾਬਲੇ ਵਾਲੀ ਥਾਂ ਦਾ ਦੌਰਾ

**ਜੰਮੂ** : ਜੰਮੂ-ਕਸ਼ਮੀਰ ਦੇ ਡੀ ਜੀ ਪੀ ਸ੍ਰੀ ਆਰ ਆਰ ਸਵੈਨ ਨੇ ਮੰਗਲਵਾਰ ਕਠੂਆ ਜ਼ਿਲ੍ਹੇ 'ਚ ਮਛੇੜੀ ਖੇਤਰ ਦਾ ਜਾਇਜ਼ਾ ਲਿਆ, ਜਿੱਥੇ ਸੁਰੱਖਿਆ ਬਲਾਂ ਤੇ ਦਹਿਸ਼ਤਗਰਦਾਂ ਦਰਮਿਆਨ ਮੁਕਾਬਲਾ ਜਾਰੀ ਹੈ। ਦਹਿਸ਼ਤਗਰਦਾਂ ਨੇ ਸੋਮਵਾਰ ਫੌਜੀ ਵਾਹਨ 'ਤੇ ਗਰਨੇਡ ਸੁੱਟ ਕੇ ਗੋਲੀਬਾਰੀ ਕੀਤੀ ਸੀ, ਜਿਸ ਕਾਰਨ ਪੰਜ ਜਵਾਨ ਸ਼ਹੀਦ ਹੋ ਗਏ ਸਨ ਅਤੇ ਪੰਜ ਜਵਾਨ ਜ਼ਖਮੀ ਹੋ ਗਏ ਸਨ। ਏ ਡੀ ਜੀ ਪੀ (ਲਾਅ ਐਂਡ ਆਰਡਰ) ਵਿਜੇ ਕੁਮਾਰ ਅਤੇ ਏ ਡੀ ਜੀ ਪੀ ਜੰਮੂ ਜ਼ੋਨ ਵੀ ਡੀ ਜੀ ਪੀ ਨਾਲ ਮੌਜੂਦ ਸਨ। ਉਨ੍ਹਾਂ ਪੁਲਸ ਤੇ ਫੌਜ ਦੇ ਅਧਿਕਾਰੀਆਂ ਨਾਲ ਮੀਟਿੰਗ ਕਰ ਕੇ ਹਾਲਾਤ ਦਾ ਜਾਇਜ਼ਾ ਲਿਆ।

## ਡੇਂਗੂ ਦਾ ਦਿਮਾਗ 'ਤੇ ਮਾਰੂ ਅਸਰ

**ਨਵੀਂ ਦਿੱਲੀ** : ਮੱਛਰ ਤੋਂ ਪੈਦਾ ਹੋਣ ਵਾਲੀ ਵਾਇਰਲ ਬਿਮਾਰੀ ਡੇਂਗੂ ਨੂੰ ਆਮ ਤੌਰ 'ਤੇ ਹਲਕੇ ਫਲੂ ਵਰਗੇ ਲੱਛਣਾਂ ਲਈ ਜਾਣਿਆ ਜਾਂਦਾ ਹੈ ਪਰ ਮਾਹਰ ਡਾਕਟਰਾਂ ਨੇ ਕਿਹਾ ਹੈ ਕਿ ਡੇਂਗੂ ਦਿਮਾਗ 'ਤੇ ਡੂੰਘੇ ਪ੍ਰਭਾਵ ਪਾਉਂਦਾ ਹੈ, ਜਿਨ੍ਹਾਂ ਨੂੰ ਅਕਸਰ ਨਜ਼ਰਅੰਦਾਜ਼ ਕੀਤਾ ਜਾਂਦਾ ਰਿਹਾ ਹੈ।

ਫੋਰਟਿਸ ਹਸਪਤਾਲ ਗੁਰੂਗ੍ਰਾਮ ਦੇ ਨਿਊਰੋਲੋਜੀ ਵਿਭਾਗ ਦੇ ਮੁਖੀ ਡਾ. ਪ੍ਰਵੀਨ ਗੁਪਤਾ ਨੇ ਕਿਹਾ ਕਿ ਡੇਂਗੂ ਫਲੂ ਵਰਗੇ ਲੱਛਣਾਂ ਲਈ ਜਾਣਿਆ ਜਾਂਦਾ ਹੈ ਪਰ ਇਸ ਦੇ ਹੋਰ ਡੂੰਘੇ ਪ੍ਰਭਾਵ ਵੀ ਹੁੰਦੇ ਹਨ। ਗੰਭੀਰ ਡੇਂਗੂ ਵਾਲੇ ਮਰੀਜ਼ਾਂ ਨੂੰ ਸਿਰ ਦਰਦ, ਮਾਨਸਿਕ ਸਥਿਤੀ ਵਿਚ ਤਬਦੀਲੀ, ਦੌਰੇ ਅਤੇ ਇੱਥੋਂ ਤੱਕ ਕਿ ਕੌਮਾ ਦਾ ਖ਼ਤਰਾ ਵੀ ਹੋ ਸਕਦਾ ਹੈ। ਵਾਇਰਸ ਦੇ ਨਿਊਰੋਟ੍ਰੋਪਿਕ ਹੋਣ ਦਾ ਮਤਲਬ ਹੈ ਕਿ ਇਹ ਸਿੱਧੇ ਤੌਰ 'ਤੇ ਦਿਮਾਗੀ ਸੈੱਲਾਂ ਨੂੰ ਸੰਕਰਮਿਤ ਕਰ ਸਕਦਾ ਹੈ, ਜਿਸ ਨਾਲ ਸਿਹਤ ਨੁਕਸਾਨ ਅਤੇ ਸੋਜ਼ਿਸ਼ ਹੋ ਸਕਦੀ ਹੈ। ਇਸ ਤੋਂ ਇਲਾਵਾ ਲਾਗ ਨਾਲ ਸ਼ੁਰੂ ਹੋਣ ਵਾਲੀ ਇਮਿਊਨ ਪ੍ਰਤੀਕ੍ਰਿਆ ਇਨ੍ਹਾਂ ਦਿਮਾਗੀ ਸਮੱਸਿਆਵਾਂ ਨੂੰ ਵਧਾ ਸਕਦੀ ਹੈ ਅਤੇ ਇਲਾਜ ਨੂੰ ਪ੍ਰਭਾਵਤ ਕਰ ਸਕਦੀ ਹੈ। ਮੌਨਸੂਨ ਦੇ ਮੌਸਮ ਦੌਰਾਨ ਮੱਛਰਾਂ ਦੇ ਪ੍ਰਜਨਨ ਵਿਚ ਵਾਧਾ ਹੋਣ ਕਾਰਨ ਡੇਂਗੂ ਬੁਖਾਰ ਕਾਫੀ ਵਧ ਜਾਂਦਾ ਹੈ।

## ਅੱਜ-ਨਾਮਾ

ਰਾਮਦੇਵ ਫਿਰ ਉੱਤਰ ਗਿਆ ਹੋਰ ਹੇਠਾਂ,
ਨੀਂਵੀਂ ਮੂਹਰੇ ਅਦਾਲਤ ਦੇ ਪਾਈ ਭਾਈ।
ਚੌਦਾਂ ਕਿਸਮਾਂ ਦੀ ਲਿਸਟ ਆ ਪੇਸ਼ ਕੀਤੀ,
ਏਦਾਂ ਦੀ ਵੇਚੂੰ ਨਹੀਂ ਕਦੇ ਦਵਾਈ ਭਾਈ।
ਹਰ ਇੱਕ ਗੱਲੋਂ ਹੀ ਖਿੱਚਿਆ ਪੈਰ ਪਿੱਛੇ,
ਕੋਰਟ ਵਿੱਚ ਜਦ ਹੋਈ ਸੁਣਵਾਈ ਭਾਈ।
ਪਾਇਆ ਜਿੰਨਾ ਧਮੱਚੜ ਉਹ ਜੜ੍ਹੀਂ ਬੈਠਾ,
ਤਾਹੀਉਂ ਅੱਜ ਵਾਲੀ ਨੌਬਤ ਆਈ ਭਾਈ।
ਜਿਸ ਸਰਕਾਰ ਤੋਂ ਬਹੁਤੀ ਸੀ ਆਸ ਉਹਨੂੰ,
ਜਦੋਂ ਆਈ ਉਹ ਮਦਦ ਨਹੀਂ ਕਰਨ ਭਾਈ।
ਸਾਰੇ ਪਾਸਿਉਂ ਬੁਰੀ ਤਰ੍ਹਾਂ ਘਿਰ ਗਿਆ ਤਾਂ,
ਲੱਗਿਆ ਉਦੋਂ ਫਿਰ ਸਾਧ ਸੀ ਡਰਨ ਭਾਈ।

-ਤੀਸ ਮਾਰ ਖਾਂ

## ਚੀਮਾ ਵੱਲੋਂ ਸੇਵਾ ਖੇਤਰ 'ਚ ਜੀ ਐੱਸ ਟੀ ਦੀ ਪਾਲਣਾ ਨੂੰ ਵਧਾਉਣ 'ਤੇ ਜ਼ੋਰ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਅਤੇ ਕਰ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਧਿਕਾਰੀਆਂ ਨੂੰ ਸੇਵਾ ਖੇਤਰ ਵਿੱਚ ਜੀ ਐੱਸ ਟੀ ਦੀ ਪਾਲਣਾ ਨੂੰ ਬਿਹਤਰ ਬਣਾਉਣ ਲਈ ਯਤਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।



ਵਿੱਤ ਮੰਤਰੀ ਨੇ ਕਰ ਚੋਰੀ ਨੂੰ ਘੱਟ ਕਰਨ ਅਤੇ ਵੱਧ ਤੋਂ ਵੱਧ ਮਾਲੀਆ ਇਕੱਠਾ ਕਰਨ ਲਈ ਮਜ਼ਬੂਤ ਨਿਗਰਾਨੀ ਅਤੇ ਲਾਗੂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾ ਕਰ ਪਾਲਣਾ ਦੇ ਵਾਧੇ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਨਿਯਮਤ ਆਡਿਟ, ਜਾਂਚ ਅਤੇ ਆਊਟਰੀਚ ਪ੍ਰੋਗਰਾਮ ਆਦਿ ਕਰਨ ਲਈ ਕਿਹਾ। ਮੀਟਿੰਗ ਦੌਰਾਨ ਕਰ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ, ਮਾਲੀਆ ਗਤੀਸ਼ੀਲਤਾ ਨੂੰ ਵਧਾਉਣ ਅਤੇ ਸੇਵਾ ਖੇਤਰ ਦੇ ਹਿੱਸੇਦਾਰਾਂ ਵਿਚਕਾਰ ਕਰ ਪਾਲਣਾ ਦੇ ਸੱਭਿਆਚਾਰ ਨੂੰ ਉਤਸ਼ਾਹਤ ਕਰਨ 'ਤੇ ਜ਼ੋਰ ਦਿੱਤਾ ਗਿਆ।ਉਹਨਾ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੇਵਾ ਖੇਤਰ ਵਿੱਚ ਜੀ ਐੱਸ ਟੀ ਦੀ ਪਾਲਣਾ 'ਤੇ ਧਿਆਨ ਕੇਂਦਰਤ ਕਰਕੇ ਕਰ ਮਾਲੀਏ ਵਿੱਚ ਵਾਧੇ ਨਾਲ ਸੂਬੇ ਦੇ ਆਰਥਕ ਵਿਕਾਸ ਨੂੰ ਹੁਲਾਰਾ ਦਿੰਦਿਆਂ ਇਸ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨਾ ਚਾਹੁੰਦੀ ਹੈ।ਆਬਕਾਰੀ ਵਿਭਾਗ ਦੀ ਸਮੀਖਿਆ ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਅਧਿਕਾਰੀਆਂ ਨੂੰ ਵਿੱਤੀ ਸਾਲ 2016-17 ਤੋਂ ਪਏ ਬਕਾਏ ਦੀ ਵਸੂਲੀ ਲਈ ਰਣਨੀਤੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਲੰਮੇ ਸਮੇਂ ਤੋਂ ਬਕਾਇਆ ਇਨ੍ਹਾਂ ਅਦਾਇਗੀਆਂ ਨੂੰ ਸੂਬੇ ਦੇ ਮਾਲੀਏ ਵਿੱਚ ਤਬਦੀਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਬਕਾਇਆ ਵਸੂਲੀ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਨ ਅਤੇ ਤੁਰੰਤ ਵਸੂਲੀ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕਾਨੂੰਨੀ ਤਰੀਕੇ ਨੂੰ ਵੀ ਅਪਣਾਉਣ।

ਇਸ ਵਿਆਪਕ ਸਮੀਖਿਆ ਮੀਟਿੰਗ ਵਿੱਚ ਆਬਕਾਰੀ ਮਾਲੀਆ ਵਧਾਉਣ ਲਈ ਉਪਰਾਲੇ ਕਰਨ ਦੇ ਨਾਲ-ਨਾਲ ਆਬਕਾਰੀ ਮਾਲੀਏ ਦੀ ਚੋਰੀ ਅਤੇ ਸ਼ਰਾਬ ਤਸਕਰੀ ਨੂੰ ਰੋਕਣ ਲਈ ਸਖ਼ਤ ਉਪਰਾਲੇ ਕਰਨ ਸਮੇਤ ਕਈ ਮੁੱਖ ਮੁੱਦਿਆਂ 'ਤੇ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ (ਕਰ) ਵਿਕਾਸ ਪ੍ਰਤਾਪ ਸਿੰਘ, ਆਬਕਾਰੀ ਤੇ ਕਰ ਕਮਿਸ਼ਨਰ ਵਰੁਣ ਰੂਜ਼ਮ ਅਤੇ ਵਧੀਕ ਕਮਿਸ਼ਨਰ ਕਰ ਗੌਰੀ ਪਰਾਸ਼ਰ ਜੋਸ਼ੀ ਹਾਜ਼ਰ ਸਨ।

## ਜਲੰਧਰ ਪੱਛਮੀ ਉਪ ਚੋਣ ਲਈ ਵੋਟਾਂ ਅੱਜ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਵਿਧਾਨ ਸਭਾ ਹਲਕਾ ਜਲੰਧਰ ਪੱਛਮੀ (ਰਿਜ਼ਰਵ) ਦੀ 10 ਜੁਲਾਈ ਨੂੰ ਹੋਣ ਜਾ ਰਹੀ ਉਪ ਚੋਣ ਲਈ ਮੰਗਲਵਾਰ 181 ਪੋਲਿੰਗ ਪਾਰਟੀਆਂ ਸਥਾਨਕ ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਸਥਾਪਤ ਡਿਸਪੈਚ ਸੈਂਟਰ ਤੋਂ ਵੋਟਿੰਗ ਮਸ਼ੀਨਾਂ ਸਮੇਤ ਪੋਲਿੰਗ ਬੂਥਾਂ ਲਈ ਰਵਾਨਾ ਹੋਈਆਂ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਵੋਟਰਾਂ ਨੂੰ ਵੋਟਿੰਗ ਦਾ ਵਧੀਆ ਤਜਰਬਾ ਦੇਣ ਲਈ ਹਲਕੇ ਵਿੱਚ 10 ਮਾਡਲ ਪੋਲਿੰਗ ਬੂਥ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ ਇਕ ਪੋਲਿੰਗ ਬੂਥ ਦਾ ਸੰਚਾਲਨ ਸਿਰਫ਼ ਮਹਿਲਾ ਸਟਾਫ਼ ਵੱਲੋਂ ਕੀਤਾ ਜਾਵੇਗਾ। ਡਾ. ਅਗਰਵਾਲ ਨੇ ਦੱਸਿਆ ਕਿ ਸੀ ਈ ਓ ਪੰਜਾਬ ਦੀ ਪਹਿਲ 'ਤੇ ਵੋਟਰਾਂ ਦੀ ਸਹੂਲਤ ਲਈ 'ਕਿਊ ਇਨਫਰਮੇਸ਼ਨ ਸਿਸਟਮ' ਜਾਰੀ ਕੀਤਾ ਗਿਆ ਹੈ।

ਇਸ ਤਹਿਤ ਵੋਟਰ ਵਟਸਐਪ 'ਤੇ 7447447217 ਨੂੰ ਸੇਵ ਕਰਕੇ 'ਵੋਟ' ਟਾਈਪ ਕਰਕੇ ਮੈਸੇਜ ਭੇਜ ਕੇ ਆਪਣੇ ਪੋਲਿੰਗ ਬੂਥ 'ਤੇ ਕਤਾਰ ਵਿੱਚ ਖੜ੍ਹੇ ਵੋਟਰਾਂ ਦੀ ਗਿਣਤੀ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਵੋਟਾਂ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ।

10-July-PAGE-4.qxd 7/9/2024 10:40 PM Page 1

ਨਵਾਂ ਜ਼ਮਾਨਾ

ਬੁੱਧਵਾਰ, 10 ਜੁਲਾਈ 2024

# ਕਿਰਤੀਆਂ ਦੇ ਹੱਕਾਂ 'ਤੇ ਡਾਕਾ

ਦੇਸ਼ ਦੀ ਕਾਰਪੋਰੇਟ ਪੱਖੀ ਮੋਦੀ ਸਰਕਾਰ ਤੀਜੀ ਵਾਰ ਮੁੜ ਸੱਤਾ ਵਿੱਚ ਆ ਗਈ ਹੈ। ਇਸ ਲਈ ਆਉਣ ਵਾਲਾ ਸਮਾਂ ਮਿਹਨਤੀ ਵਰਗ ਲਈ ਹੋਰ ਦੁਖਦਾਈ ਹੋਣ ਵਾਲਾ ਹੈ। ਇਸ ਸਮੇਂ ਦੇਸ਼ ਵਿੱਚ 95 ਫੀਸਦੀ ਕਿਰਤੀ ਗੈਰ-ਜਥੇਬੰਦਕ ਖੇਤਰ ਵਿੱਚ ਕੰਮ ਕਰਦੇ ਹਨ। ਇਨ੍ਹਾਂ ਵਿੱਚ ਪੇਂਡੂ ਮਜ਼ਦੂਰ, ਮਨਰੇਗਾ, ਉਸਾਰੀ, ਘਰੇਲੂ ਡਰਾਈਵਰ, ਕੁਲੀ, ਪੱਲੇਦਾਰ, ਰਿਕਸ਼ਾ ਚਾਲਕ, ਬੁਣਕਰ, ਕਢਾਈਕਾਰ ਸਮੇਤ ਛੋਟੇ ਉਦਯੋਗਾਂ ਵਿੱਚ ਕੰਮ ਕਰਨ ਵਾਲੇ ਮਜ਼ਦੂਰ ਸ਼ਾਮਲ ਹਨ। ਇਹ ਉਹ ਮਜ਼ਦੂਰ ਹਨ ਜਿਹੜੇ ਪ੍ਰਾਵੀਡੈਂਟ ਫੰਡ ਤੇ ਈ ਐਸ ਆਈ ਦੇ ਦਾਇਰੇ ਵਿੱਚ ਨਹੀਂ ਆਉਂਦੇ।

ਕੋਰੋਨਾ ਮਹਾਂਮਾਰੀ ਸਮੇਂ ਇਨ੍ਹਾਂ ਮਜ਼ਦੂਰਾਂ ਦੀ ਦੁਰਦਸ਼ਾ ਨੂੰ ਦੇਖ ਕੇ ਸੁਪਰੀਮ ਕੋਰਟ ਦੇ ਹੁਕਮ ਉੱਤੇ ਸਰਕਾਰ ਵੱਲੋਂ ਈ-ਸ਼੍ਰਮ ਪੋਰਟਲ ਬਣਾਇਆ ਗਿਆ ਸੀ। ਇਸ ਪੋਰਟਲ ਉੱਤੇ ਕਰੀਬ 28 ਕਰੋੜ ਮਜ਼ਦੂਰਾਂ ਦਾ ਪੰਜੀਕਰਨ ਹੋ ਚੁੱਕਾ ਹੈ। ਇਨ੍ਹਾਂ ਮਜ਼ਦੂਰਾਂ ਦੀ ਸੁਰੱਖਿਆ ਲਈ 2008 ਵਿੱਚ ਸੰਸਦ ਵੱਲੋਂ ਬਣਾਏ ਗਏ ਕਾਨੂੰਨ ਨੂੰ ਅੱਜ ਤੱਕ ਲਾਗੂ ਨਹੀਂ ਕੀਤਾ ਗਿਆ। ਇਨ੍ਹਾਂ ਮਜ਼ਦੂਰਾਂ ਵਿੱਚੋਂ 93 ਫ਼ੀਸਦੀ 10 ਹਜ਼ਾਰ ਰੁਪਏ ਤੋਂ ਵੀ ਘੱਟ ਤਨਖ਼ਾਹ ਨਾਲ ਆਪਣੇ ਪਰਵਾਰ ਪਾਲ ਰਹੇ ਹਨ।

ਬੀਤੀ 20 ਜੂਨ ਨੂੰ ਭਾਰਤ ਸਰਕਾਰ ਦੇ ਕਿਰਤ ਤੇ ਰੁਜ਼ਗਾਰ ਮੰਤਰਾਲੇ ਦੀ ਸਕੱਤਰ ਨੇ ਸਭ ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਕਿਰਤ ਸਕੱਤਰਾਂ ਨਾਲ ਮੀਟਿੰਗ ਕੀਤੀ ਸੀ। ਇਸ ਮੀਟਿੰਗ ਵਿੱਚ ਸਭ ਰਾਜਾਂ ਨੂੰ 29 ਕਿਰਤ ਕਾਨੂੰਨਾਂ ਨੂੰ ਰੱਦ ਕਰਕੇ ਬਣਾਏ ਗਏ 4 ਕਿਰਤ ਕੋਡਾਂ ਨੂੰ ਲਾਗੂ ਕਰਨ ਦਾ ਹੁਕਮ ਦਿੱਤਾ ਗਿਆ ਸੀ। 2020 ਵਿੱਚ ਸੰਸਦ ਵੱਲੋਂ ਪਾਸ ਇਸ ਕਿਰਤ ਨਿਯਮਾਂਵਲੀ ਨੂੰ ਕੇਂਦਰ ਸਰਕਾਰ ਜਲਦੀ ਤੋਂ ਜਲਦੀ ਲਾਗੂ ਕਰਨਾ ਚਾਹੁੰਦੀ ਹੈ। ਸਰਕਾਰ ਵੱਲੋਂ ਇਸ ਨੂੰ ਆਪਣੇ 100 ਦਿਨ ਦੇ ਏਜੰਡੇ ਵਿੱਚ ਸ਼ਾਮਲ ਕੀਤਾ ਗਿਆ ਹੈ।

ਇਸ ਕਿਰਤ ਨਿਯਮਾਂਵਲੀ ਵਿੱਚ ਕੰਮ ਦੇ 12 ਘੰਟੇ ਰੱਖੇ ਗਏ ਹਨ। ਇਸ ਨਾਲ 33 ਫ਼ੀਸਦੀ ਸਨਅਤੀ ਮਜ਼ਦੂਰਾਂ ਦੀ ਛਾਂਟੀ ਹੋ ਜਾਵੇਗੀ। ਇਸ ਨਾਲ ਮਜ਼ਦੂਰਾਂ ਦੀ ਸਰੀਰਕ ਸਮਰੱਥਾ ਉੱਤੇ ਬੁਰਾ ਪ੍ਰਭਾਵ ਪਵੇਗਾ ਤੇ ਉਹ ਗੰਭੀਰ ਬਿਮਾਰੀਆਂ ਦੇ ਸ਼ਿਕਾਰ ਹੋਣਗੇ। ਇਸ ਨਿਯਮਾਂਵਲੀ ਵਿੱਚ ਘੱਟੋ-ਘੱਟ ਮਜ਼ਦੂਰੀ ਦੀ ਥਾਂ ਫਲੋਰ ਲੈਵਲ ਮਜ਼ਦੂਰੀ ਲਾਗੂ ਕੀਤੀ ਜਾਵੇਗੀ। 2023 ਦੇ ਅੰਤ ਸਮੇਂ ਭਾਰਤ ਵਿੱਚ ਫਲੋਰ ਲੈਵਲ ਮਜ਼ਦੂਰੀ ਦੀ ਦਰ 178 ਰੁਪਏ ਦਿਹਾੜੀ ਸੀ। ਇਸ ਨਾਲ ਮਜ਼ਦੂਰ ਲਈ ਪਰਵਾਰ ਦਾ ਖਰਚਾ ਚਲਾਉਣਾ ਮੁਸ਼ਕਲ ਹੋ ਜਾਵੇਗਾ।

ਨਵੀਆਂ ਆਰਥਿਕ ਨੀਤੀਆਂ ਲਾਗੂ ਹੋਣ ਤੋਂ ਬਾਅਦ ਪੂਰੇ ਦੇਸ਼ ਵਿੱਚ ਠੇਕਾ ਪ੍ਰਣਾਲੀ ਨੇ ਲੱਗਭੱਗ ਹਰ ਖੇਤਰ ਨੂੰ ਆਪਣੇ ਲਪੇਟੇ ਵਿੱਚ ਲੈ ਰੱਖਿਆ ਹੈ। ਇਸ ਦਾ ਮਕਸਦ ਹੈ ਕਿਰਤ ਸ਼ਕਤੀ ਦੀ ਭਿਅੰਕਰ ਲੁੱਟ ਨੂੰ ਕਾਇਮ ਰੱਖਣਾ। ਨਵੀਂ ਕਿਰਤ ਨਿਯਮਾਂਵਲੀ ਵਿੱਚ ਤਾਂ ਠੇਕਾ ਪ੍ਰਣਾਲੀ ਤੋਂ ਵੀ ਬਦਤਰ ਫਿਕਸ ਟਰਮ ਇੰਪਲਾਇਮੈਂਟ ਲਾਗੂ ਕੀਤੇ ਜਾਣ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਰਾਹੀਂ ਮਜ਼ਦੂਰ ਨੂੰ ਇੱਕ ਤੈਅ ਮਿਆਦ ਲਈ ਕੰਮ 'ਤੇ ਰੱਖਿਆ ਜਾਵੇਗਾ ਤੇ ਉਸ ਨੂੰ ਪ੍ਰਾਵੀਡੈਂਟ ਫੰਡ, ਈ ਐਸ ਆਈ, ਬੋਨਸ, ਪੈਨਸ਼ਨ ਤੇ ਗਰੈਚੁਟੀ ਆਦਿ ਦੀ ਕੋਈ ਸਹੂਲਤ ਨਹੀਂ ਮਿਲੇਗੀ। ਇਸ ਨਿਯਮਾਂਵਲੀ ਦੇ ਲਾਗੂ ਹੋਣ ਤੋਂ ਬਾਅਦ ਟਰੇਡ ਯੂਨੀਅਨ ਬਣਾਉਣਾ ਬਹੁਤ ਔਖਾ ਹੋ ਜਾਵੇਗਾ। ਰਜਿਸਟਰਡ ਯੂਨੀਅਨ ਦੀ ਰਜਿਸਟ੍ਰੇਸ਼ਨ ਕੈਂਸਲ ਕਰਨਾ ਸੌਖਾ ਹੋ ਜਾਵੇਗਾ।

ਦੇਸੀ-ਬਦੇਸ਼ੀ ਕਾਰਪੋਰੇਟਾਂ ਦੇ ਮੁਨਾਫ਼ੇ ਨੂੰ ਵਧਾਉਣ ਲਈ ਸਰਕਾਰ ਵੱਲੋਂ ਲਿਆਂਦੇ ਗਏ ਇਹ ਕਿਰਤ ਕੋਡ ਲਾਗੂ ਹੋਣ ਤੋਂ ਬਾਅਦ ਕਿਰਤੀਆਂ ਦੀ ਜੀਵਨ ਤੇ ਸਮਾਜਿਕ ਸੁਰੱਖਿਆ, ਕੰਮ ਦੀ ਹਾਲਤ ਤੇ ਤਨਖਾਹ ਆਦਿ ਵਿੱਚ ਬਹੁਤ ਤਬਦੀਲੀ ਆ ਜਾਵੇਗੀ। ਇਸ ਨਾਲ ਬੇਰੁਜ਼ਗਾਰੀ ਵਿੱਚ ਭਿਅੰਕਰ ਵਾਧਾ ਹੋਵੇਗਾ ਤੇ ਦੇਸ਼ ਵਿੱਚ ਅਸ਼ਾਂਤੀ ਤੇ ਬੇਚੈਨੀ ਵਧ ਜਾਵੇਗੀ। ਮੋਦੀ ਸਰਕਾਰ ਜਿਸ ਪਾਸੇ ਵਧ ਰਹੀ ਹੈ, ਉਸ ਨਾਲ ਮਜ਼ਦੂਰਾਂ ਦੀ ਤਬਾਹੀ ਹੋਣੀ ਪੱਕੀ ਹੈ। ਕਿਰਤੀ ਮਨੁੱਖ ਵਸਤੂ ਵਿੱਚ ਤਬਦੀਲ ਹੋ ਕੇ ਆਧੁਨਿਕ ਗੁਲਾਮੀ ਦਾ ਜੀਵਨ ਜੀਣ ਲਈ ਮਜਬੂਰ ਹੋ ਜਾਵੇਗਾ। ਮਜ਼ਦੂਰਾਂ ਦੀ ਜ਼ਿੰਦਗੀ ਦੀ ਹਿਫਾਜ਼ਤ ਲਈ ਇਹ ਰਸਤਾ ਬਦਲਣਾ ਪਵੇਗਾ। ਇਸ ਲਈ ਆਉਣ ਵਾਲੇ ਸਮੇਂ ਦੌਰਾਨ ਮਜ਼ਦੂਰ ਵਰਗ ਨੂੰ ਕਿਰਤ ਵਿਰੋਧੀ ਲੇਬਰ ਕੋਡਾਂ ਨੂੰ ਸਮਾਪਤ ਕਰਨ ਲਈ ਤੇ ਲੰਮੇ ਸੰਘਰਸ਼ਾਂ ਬਾਅਦ ਹਾਸਲ ਕੀਤੇ ਅਧਿਕਾਰਾਂ ਦੀ ਰਾਖੀ ਲਈ ਵਿਸ਼ਾਲ ਏਕਤਾ ਬਣਾ ਕੇ ਲੰਮੀ ਲੜਾਈ ਲੜਨੀ ਪਵੇਗੀ।

**-ਚੰਦ ਫਤਿਹਪੁਰੀ**

## ਡੇਰੇ ਵਿੱਚ...

ਸਾਰੇ ਬਾਬੇ ਪਖੰਡਾਂ ਦੀ ਕਰਨ ਖੇਤੀ,
ਨੇਤਰਹੀਣ ਉਪਜਾਊ ਜ਼ਮੀਨ 'ਤੇ।
ਜਦੋਂ ਡੇਰੇ 'ਚ ਲਾਸ਼ਾਂ ਦੇ ਢੇਰ ਲੱਗਣ,
ਹਰਫ਼ ਆਏ ਨਾ ਗੱਦੀ ਨਸ਼ੀਨ 'ਤੇ।
ਛੱਡ ਕੇ ਆਪਣੇ ਘਰਾਂ ਦੇ ਕੰਮ ਸਾਰੇ,
ਭਗਤ ਨੱਚਦੇ ਬਾਬੇ ਦੀ ਬੀਨ 'ਤੇ।
ਉਡ-ਉਡ ਕੇ ਦੂਰ ਤੋਂ ਆਣ ਬਗਲੇ,
ਭਾਸ਼ਣ ਦਿੰਦੇ ਨੇ ਮਾਤਮੀ ਸੀਨ 'ਤੇ।
ਸੱਪ ਛੱਡ ਲਕੀਰ ਨੂੰ ਟੱਪ ਜਾਵਣ,
ਹਰ ਕੋਈ, ਬਾਅਦ ਵਿੱਚ ਬੋਲਦਾ ਹੈ।
ਡੇਰੇ ਵਿੱਚ ਪੰਜੀਰੀਆਂ ਖਾਣ ਵਾਲਾ,
ਆ ਕੇ ਮੀਡੀਆ ਸਿਵੇ ਫਰੋਲਦਾ ਹੈ।

-ਗੁਲਪੁਰ

# ਸਥਾਨਕ ਸਰਕਾਰਾਂ ਦੀ ਹੋਂਦ ਨੂੰ ਖ਼ਤਰਾ ਚਿੰਤਾਜਨਕ

ਪੰਜਾਬ 'ਚ ਲੋਕਾਂ ਵੱਲੋਂ ਪਿੰਡ ਪੰਚਾਇਤਾਂ, ਬਲਾਕ ਸੰਮਤੀਆਂ, ਜ਼ਿਲਾ ਪ੍ਰੀਸ਼ਦਾਂ ਦੀਆਂ ਚੋਣਾਂ ਲਈ ਤਾਰੀਖ ਉਡੀਕੀ ਜਾ ਰਹੀ ਹੈ। ਇਨ੍ਹਾਂ ਦੀ ਪੰਜ ਸਾਲ ਦੀ ਮਿਆਦ ਪੂਰੀ ਹੋ ਚੁੱਕੀ ਹੈ। ਪਿੰਡਾਂ 'ਚ ਸਥਾਨਕ ਸਰਕਾਰ ਕਹਾਉਂਦੀਆਂ ਪੰਚਾਇਤਾਂ ਦੀ ਇਸ ਸਮੇਂ ਅਣਹੋਂਦ ਕਾਰਨ ਵਿਕਾਸ ਕਾਰਜ ਠੱਪ ਪਏ ਹਨ, ਪੇਂਡੂ ਆਮਦਨ ਦਾ ਮੁੱਖ ਸਰੋਤ ਪੰਚਾਇਤੀ ਜ਼ਮੀਨਾਂ ਦੇ ਠੇਕੇ ਸਿਰੇ ਨਾ ਚੜ੍ਹਨ ਕਾਰਨ ਪਹਿਲਾਂ ਹੀ ਵਿੱਤੀ ਤੌਰ 'ਤੇ ਕਮਜ਼ੋਰ ਪੰਚਾਇਤਾਂ ਦੀ ਆਮਦਨ ਸੁੰਗੜ ਗਈ ਹੈ। ਸਫ਼ਾਈ ਪ੍ਰਬੰਧ ਤੇ ਬੁਨਿਆਦੀ ਢਾਂਚੇ ਦੀ ਸੰਭਾਲ ਚਰਮਰਾ ਗਈ ਹੈ। ਲੋਕਾਂ ਦੇ ਆਪਣੇ ਰੋਜ਼ਾਨਾ ਕੰਮਾਂ ਲਈ ਤਸਦੀਕ ਕਰਾਉਣ ਦੇ ਕੰਮ 'ਚ ਵਿਘਨ ਪੈ ਰਿਹਾ ਹੈ।

ਬਾਵਜੂਦ ਇਸ ਗੱਲ ਦੇ ਕਿ ਪਿੰਡ ਪੰਚਾਇਤਾਂ ਦੇ ਲਗਭਗ ਸਮੁੱਚੇ ਅਧਿਕਾਰ ਪੰਚਾਇਤ ਅਧਿਕਾਰੀਆਂ, ਸਥਾਨਕ ਵਿਧਾਇਕਾਂ, ਕਰਮਚਾਰੀਆਂ ਨੇ ਆਪਣੇ ਹੱਥ ਕਰਕੇ ਪੰਚਾਇਤਾਂ, ਬਲਾਕ ਸੰਮਤੀਆਂ, ਜ਼ਿਲਾ ਪ੍ਰੀਸ਼ਦਾਂ ਨੂੰ ਪੰਗੂ ਬਣਾ ਦਿੱਤਾ ਹੋਇਆ ਹੈ, ਫਿਰ ਵੀ ਲੋਕ ਸਥਾਨਕ ਸਰਕਾਰ ਭਾਵ ਪੰਚਾਇਤ ਦੀ ਲੋੜ ਮਹਿਸੂਸ ਕਰਦੇ ਹਨ, ਕਿਉਂਕਿ ਪੰਚਾਇਤਾਂ ਮਾਨਸਿਕ ਤੌਰ 'ਤੇ ਉਹਨਾਂ ਦੇ ਦਿਲੋ-ਦਿਮਾਗ ਨਾਲ ਜੁੜੀਆਂ ਹੋਈਆਂ ਹਨ ਤੇ ਉਹ ਕਿਸੇ ਵੀ ਮੁਸੀਬਤ ਵੇਲੇ ਇਸ ਤੋਂ ਆਸਰਾ ਭਾਲਦੇ ਹਨ।

ਪੰਜਾਬ 'ਚ ਸ਼ਹਿਰੀ ਸੰਸਥਾਵਾਂ ਨਗਰ ਕਾਰਪੋਰੇਸ਼ਨਾਂ ਮਿਆਦ ਪੁਗਣ ਉਪਰੰਤ ਚੋਣਾਂ ਉਡੀਕ ਰਹੀਆਂ ਹਨ ਤੇ ਇਹਨਾ ਸ਼ਹਿਰਾਂ ਜਲੰਧਰ, ਫਗਵਾੜਾ, ਪਟਿਆਲਾ, ਲੁਧਿਆਣਾ, ਅੰਮ੍ਰਿਤਸਰ ਦੇ ਵਿਕਾਸ ਕਾਰਜ ਵੀ ਸਰਕਾਰੀ ਅਫ਼ਸਰਾਂ ਦੇ ਰਹਿਮੋ-ਕਰਮ 'ਤੇ ਹਨ।

ਦੇਸ਼ ਦੇ ਲੋਕਤੰਤਰੀ ਢਾਂਚੇ ਵਿੱਚ ਸਥਾਨਕ ਸਰਕਾਰਾਂ ਦਾ ਰੋਲ ਅਤੇ ਮਹੱਤਵ ਕਿਸੇ ਸਮੇਂ ਵੱਡਾ ਗਿਣਿਆ ਜਾਂਦਾ ਸੀ। ਸਿਆਸੀ ਧਿਰਾਂ ਤੇ ਹਾਕਮ, ਆਮ ਲੋਕਾਂ ਦੇ ਸਥਾਨਕ ਨੁਮਾਇੰਦਿਆਂ ਨੂੰ ਸਿਰ ਅੱਖਾਂ 'ਤੇ ਬਿਠਾਇਆ ਕਰਦੇ ਸਨ, ਉਨ੍ਹਾਂ ਦੇ ਵਿਚਾਰਾਂ ਦੀ ਕਦਰ ਕਰਿਆ ਕਰਦੇ ਸਨ ਅਤੇ ਨੀਤੀਗਤ ਫ਼ੈਸਲਿਆਂ 'ਚ ਉਨ੍ਹਾਂ ਦਾ ਵੱਡਾ ਹਿੱਸਾ ਹੋਇਆ ਕਰਦਾ ਸੀ।

ਦੇਸ਼ 'ਚ ਵੋਟ ਰਾਜਨੀਤੀ ਨੇ ਜਿਵੇਂ-ਜਿਵੇਂ ਤਾਕਤ ਦਾ ਕੇਂਦਰੀਕਰਨ ਕਰਕੇ ਤਾਕਤਾਂ ਕੁਝ ਹੱਥਾਂ 'ਚ ਸਮੇਟ ਦਿੱਤੀਆਂ, ਤਿਵੇਂ-ਤਿਵੇਂ ਪਹਿਲਾਂ ਰਾਜਾਂ ਦੇ ਅਧਿਕਾਰਾਂ ਨੂੰ ਛਾਂਗਿਆ ਗਿਆ ਅਤੇ ਫਿਰ ਸਥਾਨਕ ਸਰਕਾਰਾਂ ਭਾਵ ਮਿਊਂਸਪਲ ਕਾਰਪੋਰੇਸ਼ਨਾਂ, ਮਿਊਂਸਪਲ ਕੌਂਸਲਾਂ, ਕਮੇਟੀਆਂ, ਪੰਚਾਇਤਾਂ, ਪੰਚਾਇਤ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੇ ਅਧਿਕਾਰਾਂ ਨੂੰ ਹਥਿਆ ਲਿਆ ਗਿਆ। ਅੱਜ ਦੇਸ਼ ਦੇ ਬਹੁਤੇ ਸੂਬਿਆਂ 'ਚ ਸਥਾਨਕ ਸਰਕਾਰਾਂ ਦੇ ਹਾਲਾਤ ਤਰਸਯੋਗ ਬਣੇ ਹੋਏ ਹਨ। ਇਹ ਹਾਲਤ ਬਣਾਉਣ ਲਈ ਜ਼ੁੰਮੇਵਾਰ ਹਨ ਸੰਸਦ ਮੈਂਬਰ ਅਤੇ ਵਿਧਾਇਕ, ਜਿਨ੍ਹਾਂ ਪੰਚਾਇਤਾਂ ਨੂੰ ਆਪਣੇ ਸਿਆਸੀ ਮੰਤਵ ਲਈ ਵਰਤਿਆ, ਉਨ੍ਹਾਂ ਦੇ ਵਧੇਰੇ ਅਧਿਕਾਰ ਸਰਕਾਰੀ ਅਧਿਕਾਰੀਆਂ ਰਾਹੀਂ ਆਪਣੀ ਮੁੱਠੀ 'ਚ ਕਰ ਲਏ।



ਗੁਰਮੀਤ ਸਿੰਘ ਪਲਾਹੀ

ਸਾਲ 1992 'ਚ ਸੰਵਿਧਾਨ 'ਚ 73ਵੀਂ ਸੋਧ ਕਰਦਿਆਂ ਪਿੰਡ ਪੰਚਾਇਤਾਂ ਨੂੰ ਸਥਾਨਕ ਸਰਕਾਰਾਂ ਮੰਨਦਿਆਂ ਸਰਕਾਰੀ ਮਹਿਕਮਿਆਂ ਦੇ ਕੰਮਕਾਰ ਨੂੰ ਚੈੱਕ ਕਰਨ ਆਦਿ ਦੇ ਅਧਿਕਾਰ ਤਾਂ ਦਿੱਤੇ ਹੀ, ਗ੍ਰਾਮ ਸਭਾ ਦੀ ਸਥਾਪਨਾ ਸਮੇਤ ਤਿੰਨ ਟਾਇਰੀ ਪੰਚਾਇਤ ਸੰਸਥਾਵਾਂ ਦੀ ਵਿਵਸਥਾ ਵੀ ਕਰ ਦਿੱਤੀ, ਤਾਂ ਕਿ ਸਥਾਨਕ ਸਰਕਾਰਾਂ ਭਾਵ ਪੰਚਾਇਤਾਂ, ਪੰਚਾਇਤ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਰਾਹੀਂ ਕੰਮਕਾਰ ਕਰਨ। ਲਗਭਗ 29 ਮਹਿਕਮੇ ਵੀ ਇਨ੍ਹਾਂ ਪੰਚਾਇਤੀ ਸੰਸਥਾਵਾਂ ਦੇ ਅਧੀਨ ਕਰ ਦਿੱਤੇ ਅਤੇ ਇਹ ਵੀ ਤਹਿ ਹੋਇਆ ਕਿ ਪੰਚਾਇਤ ਸੰਸਥਾਵਾਂ ਦੀਆਂ ਚੋਣਾਂ ਵਿਧਾਨ ਸਭਾਵਾਂ ਦੀਆਂ ਚੋਣਾਂ ਵਾਂਗ ਹਰ ਪੰਜ ਵਰ੍ਹਿਆਂ ਬਾਅਦ ਕਰਵਾਈਆਂ ਜਾਣ।

ਇਸ ਤਰ੍ਹਾਂ ਕਰਨ ਨਾਲ ਸਥਾਨਕ ਸਰਕਾਰਾਂ ਭਾਵ ਪੰਚਾਇਤ ਸੰਸਥਾਵਾਂ ਦਾ ਸੰਵਿਧਾਨਿਕ ਅਧਾਰ ਬਣ ਗਿਆ। ਇਸ ਅਧੀਨ ਸਥਾਨਕ ਸਰਕਾਰਾਂ ਵਿੱਚ ਔਰਤਾਂ, ਅਨੁਸੂਚਿਤ ਜਾਤੀਆਂ ਲਈ ਰਾਖਵਾਂਕਰਨ ਕਰ ਦਿੱਤਾ ਗਿਆ। ਕਰਨਾਟਕ, ਆਂਧਰਾ ਪ੍ਰਦੇਸ਼, ਪੰਜਾਬ ਆਦਿ ਦੇਸ਼ ਦੇ ਕਈ ਸੂਬਿਆਂ ਨੇ ਇਸ ਸੋਧ ਨੂੰ ਪ੍ਰਵਾਨ ਕਰਦਿਆਂ ਇਸ ਸੋਧ 'ਤੇ ਅਮਲ ਸ਼ੁਰੂ ਕੀਤਾ, ਪਰ ਇਹ ਅਮਲ ਅਸਲ ਅਰਥਾਂ (ਘੱਟੋ-ਘੱਟ ) 'ਚ ਪੰਜਾਬ 'ਚ ਅੱਜ ਕਾਗਜ਼ੀ ਵੱਧ, ਪਰ ਜ਼ਮੀਨੀ ਪੱਧਰ ਉਤੇ ਘੱਟ ਜਾਪਦਾ ਹੈ।

ਇਸ ਪੰਚਾਇਤੀ ਐਕਟ ਸੋਧ ਦੇ ਪਾਸ ਹੁੰਦਿਆਂ ਗ੍ਰਾਮ ਸਭਾ (ਭਾਵ ਪਿੰਡ ਦਾ ਹਰ ਵੋਟਰ ਇਸਦਾ ਮੈਂਬਰ ਗਿਣਿਆ ਜਾਂਦਾ ਹੈ) ਨੂੰ ਦਿੱਤੇ ਅਧਿਕਾਰਾਂ ਨਾਲ ਪਿੰਡ ਪੰਚਾਇਤਾਂ ਦਾ ਰੁਤਬਾ ਵੀ ਵਧਿਆ, ਕਿਉਂਕਿ ਗ੍ਰਾਮ ਸਭਾ ਵਿਚੋਂ ਹੀ ਪਿੰਡ ਪੰਚਾਇਤ ਚੁਣੀ ਜਾਂਦੀ ਹੈ, ਪਰ ਸਮਾਂ ਰਹਿੰਦਿਆਂ ਜਦੋਂ ਪੰਚਾਇਤਾਂ, ਬਲਾਕ ਸੰਮਤੀਆਂ, ਜ਼ਿਲ੍ਹਾ ਪ੍ਰੀਸ਼ਦਾਂ ਨੇ ਆਪਣੇ ਤੌਰ 'ਤੇ ਕੰਮ ਕਰਨਾ ਸ਼ੁਰੂ ਕੀਤਾ ਤਾਂ ਉਹ ਸਿਆਸਤਦਾਨਾਂ, ਵਿਧਾਇਕਾਂ, ਇਥੋਂ ਤੱਕ ਕਿ ਸਰਕਾਰੀ ਕਾਰਕੁੰਨਾਂ, ਅਫ਼ਸਰਸ਼ਾਹੀ, ਨੌਕਰਸ਼ਾਹੀ ਨੂੰ ਰਾਸ ਨਹੀਂ ਆਇਆ। ਇਨ੍ਹਾਂ ਸੰਸਥਾਵਾਂ ਨੂੰ ਨੱਥ ਪਾਉਣ ਲਈ ਸਥਾਨਕ ਸਰਕਾਰ ਦੀ ਮੁਢਲੀ ਇਕਾਈ ਗ੍ਰਾਮ ਪੰਚਾਇਤ ਦੇ ਕੰਮਾਂ 'ਚ ਸਿੱਧਾ ਦਖ਼ਲ ਦੇ ਕੇ ਸਰਕਾਰਾਂ ਵੱਲੋਂ ਸਰਪੰਚਾਂ ਦਾ ਹਰ ਅਧਿਕਾਰ ਹਥਿਆ ਲਿਆ ਗਿਆ।

ਸਥਾਨਕ ਸਰਕਾਰਾਂ ਬਣਾਉਣ ਅਤੇ ਚਲਾਉਣ ਦਾ ਮੁੱਖ ਉਦੇਸ਼ ਅਸਲ ਅਰਥਾਂ ਵਿੱਚ ਲੋਕ ਨੁਮਾਇੰਦਗੀ ਅਤੇ ਪ੍ਰਸ਼ਾਸਨ ਵਿੱਚ ਲੋਕਾਂ ਦੀ ਹਿੱਸੇਦਾਰੀ ਤਹਿ ਕਰਨਾ ਸੀ। ਇਸ ਦਾ ਉਦੇਸ਼ ਸਮਾਜਿਕ ਨਿਆਂ ਦੀ ਪ੍ਰਾਪਤੀ ਲੋਕਾਂ ਵੱਲੋਂ, ਲੋਕਾਂ ਹੱਥੀਂ ਪ੍ਰਦਾਨ ਕਰਨਾ ਵੀ ਸੀ।

ਭਾਵੇਂ ਕਿ ਆਜ਼ਾਦੀ ਉਪਰੰਤ ਇਸ ਸੰਬੰਧੀ ਵੱਡੇ ਕਦਮ ਚੁੱਕੇ ਗਏ, ਪਰ 73ਵੀਂ ਤੇ 74 ਵੀਂ ਸੰਵਿਧਾਨਕ ਸੋਧ ਰਾਹੀਂ ਔਰਤਾਂ ਨੂੰ ਪੰਚਾਇਤਾਂ ਅਤੇ ਹੋਰ ਪੰਚਾਇਤੀ ਸੰਸਥਾਵਾਂ 'ਚ ਇੱਕ ਤਿਹਾਈ ਨੁਮਾਇੰਦਗੀ ਨਿਸ਼ਚਿਤ ਕੀਤੀ ਗਈ। ਵਿੱਤੀ ਅਧਿਕਾਰ ਵੀ ਤਹਿ ਹੋਏ। ਪੰਚਾਇਤਾਂ ਨੂੰ ਵੱਧ ਵਿੱਤੀ ਸਹਾਇਤਾ ਅਤੇ ਅਧਿਕਾਰਾਂ ਦੇ ਵਿਕੇਂਦਰੀਕਰਨ ਦੀ ਗੱਲ ਤਹਿ ਕੀਤੀ ਗਈ, ਪਰ ਇਹ ਪਿਛਲੇ 32 ਸਾਲਾਂ ਵਿੱਚ ਕਿਸੇ ਵੀ ਢੰਗ ਨਾਲ ਲੋੜੀਂਦੇ ਸਿੱਟਿਆਂ 'ਤੇ ਨਾ ਪੁੱਜ ਸਕੀ। ਕਥਿਤ ਤੌਰ 'ਤੇ ਵੱਧ ਅਧਿਕਾਰਾਂ ਦੀਆਂ ਗੱਲਾਂ ਹੋਈਆਂ, ਪਰ ਇਹ ਹਕੀਕਤ ਨਾ ਬਣ ਸਕੀਆਂ।

ਭਾਰਤ ਵਿੱਚ ਅੱਜ ਸਿਆਸੀ ਸੱਤਾ ਦਾ ਕੇਂਦਰੀਕਰਨ ਵਧ ਰਿਹਾ ਹੈ। ਦੇਸ਼ ਵਿੱਚ ਲੋਕਤੰਤਰੀ ਢਾਂਚੇ ਨੂੰ ਬਣਾਈ ਰੱਖਣ ਲਈ, ਲੋਕਤੰਤਰੀ ਪ੍ਰਣਾਲੀ ਵਿੱਚ ਲੋਕਾਂ ਦਾ ਸਹਿਯੋਗ ਪ੍ਰਾਪਤ ਕਰਨਾ ਅਤਿ ਜ਼ਰੂਰੀ ਹੁੰਦਾ ਹੈ, ਪਰ ਇਹ ਗਾਇਬ ਹੈ। ਲੋਕਤੰਤਰ ਦੀ ਸਫ਼ਲਤਾ ਨਾਗਰਿਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ, ਪਰ ਨਾਗਰਿਕਾਂ ਦੀ ਪੁੱਛ-ਗਿੱਛ ਘਟ ਰਹੀ ਹੈ।

ਇਹ ਸਮਝਣ ਦੀ ਲੋੜ ਹੈ ਕਿ ਪੰਚਾਇਤੀ ਰਾਜ ਹੀ ਇੱਕ ਇਹ ਜਿਹਾ ਦੁਆਰ ਹੈ, ਜੋ ਹਰ ਇਕ ਪਿੰਡ ਦੀ ਲੋਕਤੰਤਰੀ ਇਕਾਈ ਬਣ ਸਕਦਾ ਹੈ, ਜੋ ਪਿੰਡਾਂ ਨੂੰ ਆਤਮ-ਨਿਰਭਰ ਵੀ ਬਣਾ ਸਕਦਾ ਹੈ। ਜੇਕਰ ਸਥਾਨਕ ਸਰਕਾਰਾਂ ਭਾਵ ਦਿਹਾਤੀ ਤੇ ਸ਼ਹਿਰੀ ਸੰਸਥਾਵਾਂ ਨੂੰ ਜ਼ਿਆਦਾ ਪ੍ਰਸ਼ਾਸਨੀ ਅਤੇ ਵਿੱਤੀ ਜ਼ੁੰਮੇਵਾਰੀ ਸੌਂਪੀ ਜਾਵੇ ਤਾਂ ਇਹ ਕੇਂਦਰ ਅਤੇ ਰਾਜ ਸਰਕਾਰਾਂ ਨਾਲੋਂ ਵੱਧ ਸੁਯੋਗਤਾ ਨਾਲ ਕੰਮ ਕਰ ਸਕਦੀਆਂ ਹਨ, ਬਸ਼ਰਤੇ ਸਰਕਾਰੀ ਕਰਮਚਾਰੀਆਂ ਦਾ ਸਹਿਯੋਗ ਅਤੇ ਤਾਲਮੇਲ ਇਹਨਾਂ ਨੂੰ ਬਕਾਇਦਗੀ ਨਾਲ ਮਿਲਦਾ ਰਹੇ।

ਚਿੰਤਾ ਦਾ ਵਿਸ਼ਾ ਇਹ ਹੈ ਕਿ ਸਥਾਨਕ ਸਰਕਾਰਾਂ ਉਤੇ ਸਿਆਸੀ ਦਖ਼ਲ ਵਧ ਗਿਆ ਹੈ। ਦਿਹਾਤੀ, ਸ਼ਹਿਰੀ ਸੰਸਥਾਵਾਂ ਲਈ ਹੁੰਦੀ ਚੋਣ ਵੇਲੇ ਚੰਗੇ ਸੂਝਵਾਨ ਲੋਕਾਂ ਦੀ ਚੋਣ ਦੀ ਬਿਜਾਏ ਧੜੇਬੰਦਕ ਪਹੁੰਚ ਅਪਨਾਈ ਜਾਂਦੀ ਹੈ, ਆਪਣੇ ਪਾਰਟੀ ਹਿੱਤਾਂ ਨੂੰ ਧਿਆਨ 'ਚ ਰੱਖਿਆ ਜਾਂਦਾ ਹੈ। ਅਸਰ-ਰਸੂਖ ਵਾਲੇ ਲੋਕ ਇਹਨਾਂ ਸੰਸਥਾਵਾਂ 'ਤੇ ਕਾਬਜ਼ ਹੋ ਜਾਂਦੇ ਹਨ, ਜਿਹੜੇ ਸਥਾਨਕ ਲੋਕਾਂ ਦੇ ਹਿੱਤਾਂ ਦੀ ਪੂਰਤੀ ਦੀ ਥਾਂ ਆਪਣੇ ਹਿੱਤ ਪੂਰਦੇ ਹਨ।

ਸਿੱਟੇ ਵਜੋਂ ਮਾਫੀਆ, ਦਿਹਾਤੀ, ਸ਼ਹਿਰੀ, ਸੰਸਥਾਵਾਂ 'ਤੇ ਕਾਬਜ਼ ਹੋ ਕੇ ਪਿੰਡ ਪੰਚਾਇਤਾਂ ਦੀਆਂ ਸ਼ਾਮਲਾਟ ਜ਼ਮੀਨਾਂ 'ਤੇ ਕਾਬਜ਼ ਹੁੰਦਾ ਹੈ। ਸਰਕਾਰੀ ਗ੍ਰਾਂਟਾਂ ਪ੍ਰਾਪਤ ਕਰਕੇ ਸਿਆਸੀ ਤੇ ਅਫ਼ਸਰਸਾਹੀ ਦੀ ਮਿਲੀ-ਭੁਗਤ ਨਾਲ ਭ੍ਰਿਸ਼ਟਾਚਾਰ ਕਰਦਾ ਹੈ। ਪਿੰਡਾਂ 'ਚ ਧੱਕੇਸ਼ਾਹੀ ਵਧਦੀ ਹੈ ਅਤੇ ਕਚਹਿਰੀ-ਥਾਣਿਆਂ 'ਚ ਵੀ ਆਮ ਲੋਕ ਇਨਸਾਫ ਤੋਂ ਵਿਰਵੇ ਹੋ ਜਾਂਦੇ ਹਨ।

ਨਿੱਤ-ਦਿਹਾੜੇ ਅਖ਼ਬਾਰੀ ਖ਼ਬਰਾਂ ਛਪਦੀਆਂ ਹਨ ਕਿ ਕਿਸੇ ਖ਼ਾਸ ਪਿੰਡ ਦੀ ਪੰਚਾਇਤ ਦੇ ਸਰਪੰਚ ਨੇ ਲੱਖਾਂ ਦਾ ਗਬਨ ਕਰ ਲਿਆ। ਇਹ ਗਬਨ ਪੰਚਾਇਤੀ-ਸਰਕਾਰੀ ਕਰਿੰਦਿਆਂ ਦੀ ਮਿਲੀ-ਭੁਗਤ ਤੋਂ ਬਿਨਾਂ ਸੰਭਵ ਨਹੀਂ ਹੋ ਸਕਦਾ, ਕਿਉਂਕਿ ਇਕੱਲੇ ਸਰਪੰਚ ਜਾਂ ਪੰਚਾਇਤ ਨੂੰ 5000 ਰੁਪਏ ਤੋਂ ਵੱਧ ਚੈੱਕ ਰਾਹੀਂ ਰਕਮ ਕਢਾਉਣ ਦਾ ਅਧਿਕਾਰ ਹੀ ਨਹੀਂ।

ਇਹ ਵੀ ਖ਼ਬਰਾਂ ਮਿਲਦੀਆਂ ਹਨ ਕਿ ਕਿ ਸ਼ਾਮਲਾਟ ਜ਼ਮੀਨ ਉਤੇ ਰਸੂਖ਼ਵਾਨ ਕਬਜ਼ਾ ਕਰੀ ਬੈਠੇ ਹਨ। ਕੀ ਇਹ ਸਰਕਾਰੀ ਸਰਪ੍ਰਸਤੀ ਬਿਨਾਂ ਸੰਭਵ ਹੈ? ਪੰਜਾਬ ਵਿੱਚ ਕਈ ਇਹੋ ਜਿਹੇ ਕਬਜ਼ਾਧਾਰੀਆਂ ਦੇ ਮਾਮਲੇ ਹਨ, ਜਿਹੜੇ ਜ਼ਿਲ੍ਹਾ ਪੰਚਾਇਤ ਅਤੇ ਵਿਕਾਸ ਅਫ਼ਸਰਾਂ ਦੀਆਂ ਅਦਾਲਤਾਂ 'ਚ ਵਰ੍ਹਿਆਂਬੱਧੀ ਲਟਕੇ ਹੋਏ ਹਨ, ਜਿਨ੍ਹਾਂ 'ਤੇ ਫ਼ੈਸਲੇ ਹੀ ਨਹੀਂ ਹੁੰਦੇ। ਪੰਚਾਇਤਾਂ ਦੀ ਮਿਆਦ ਖ਼ਤਮ ਹੋ ਜਾਂਦੀ ਹੈ, ਇਹ ਮੁਕੱਦਮੇ ਖ਼ਤਮ ਹੀ ਨਹੀਂ ਹੰਦੇ।

ਸਥਾਨਕ ਸਵੈ-ਸ਼ਾਸਨ ਵਿਵਸਥਾ ਭਾਰਤੀ ਪ੍ਰਸ਼ਾਸਨ ਦਾ ਅਨਿਖੜਵਾਂ ਅਤੇ ਮੌਲਿਕ ਅੰਗ ਨਹੀਂ ਬਣਨ ਦਿੱਤੀ ਜਾ ਰਹੀ, ਇਸ ਦੀਆਂ ਲਗਾਮਾਂ ਕੇਂਦਰੀ ਅਤੇ ਸੂਬਾ ਸਰਕਾਰਾਂ ਦੇ ਹੱਥ 'ਚ ਹਨ। ਜਿਵੇਂ ਕੇਂਦਰੀ ਹਾਕਮ ਸੂਬਾ ਸਰਕਾਰਾਂ ਦੀ ਸੰਘੀ ਘੁੱਟਦੇ ਹਨ, ਸਿਆਸੀ ਵਿਰੋਧੀ ਸਰਕਾਰਾਂ ਦੇ ਅਧਿਕਾਰ ਹਥਿਆਉਂਦੇ ਹਨ, ਇਵੇਂ ਹੀ ਸੂਬਾ ਸਰਕਾਰਾਂ ਦਿਹਾਤੀ ਤੇ ਸ਼ਹਿਰੀ ਸਥਾਨਕ ਸਰਕਾਰਾਂ ਦੇ ਕੰਮਾਂ ਕਾਰਾਂ ਉਤੇ ਵਾਹ ਲਗਦਿਆਂ ਆਪ ਹੀ ਕਾਬਜ਼ ਰਹਿੰਦੀਆਂ ਹਨ। ਇਹੋ ਅਸਲ 'ਚ ਚਿੰਤਾ ਦਾ ਵਿਸ਼ਾ ਹੈ।

ਲੋੜ ਤਾਂ ਇਸ ਗੱਲ ਦੀ ਹੈ ਕਿ ਸਥਾਨਕ ਸਰਕਾਰਾਂ ਨੂੰ ਆਪਣੇ ਖੇਤਰ ਦੀਆਂ ਲੋੜਾਂ ਅਤੇ ਵਾਤਾਵਰਨ ਦੇ ਅਨੁਕੂਲ ਕਾਰਜ ਕਰਨ ਦੀ ਆਜ਼ਾਦੀ ਹੋਵੇ। ਉਹ ਸਮਾਜਿਕ ਕਲਿਆਣ ਸੇਵਾਵਾਂ ਪ੍ਰਸ਼ਾਸਕੀ ਲਚਕੀਲੇਪਨ ਨਾਲ ਮੌਜੂਦਾ ਭਿੰਨਤਾਵਾਂ ਨੂੰ ਧਿਆਨ 'ਚ ਰੱਖ ਕੇ ਚਲਾਉਣ। ਇਸ ਨਾਲ ਹੀ ਦੇਸ਼ ਦਾ ਬਹੁ-ਪੱਖੀ ਵਿਕਾਸ ਹੋਏਗਾ ਅਤੇ ਦੇਸ਼ ਕਲਿਆਣਕਾਰੀ ਰਾਜ ਦੀ ਸਥਾਪਨਾ ਵੱਲ ਯੋਜਨਾਬੱਧ ਢੰਗ ਨਾਲ ਅੱਗੇ ਵਧ ਸਕੇਗਾ।

**# ਸੰਪਰਕ : 98158=02070**

## ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

# ਸੰਘਰਸ਼ੀ ਯੋਧਾ ਸਾਥੀ ਭਿੰਦਰ ਸਿੰਘ

**ਨਿਰਮਲ ਸਿੰਘ ਧਾਲੀਵਾਲ**

ਜ਼ਿੰਦਗੀ ਦੇ 51 ਸਾਲ ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ ਏਟਕ ਦਾ ਥੰਮ੍ਹ ਬਣ ਕੇ ਵਿਚਰਦਾ ਹੋਇਆ ਸੰਘਰਸ਼ੀ ਯੋਧਾ ਸਾਥੀ ਭਿੰਦਰ ਸਿੰਘ ਕੁੱਪ ਕਲਾਂ 7 ਜੁਲਾਈ 2024 ਨੂੰ ਆਪਣੀ ਮੁਲਵਾਨ ਜ਼ਿੰਦਗੀ ਦਾ ਸਫਰ ਕੁਦਰਤ ਦੇ ਨਿਯਮ ਅਨੁਸਾਰ ਪੂਰਾ ਕਰਕੇ ਆਪਣੇ ਘਰ-ਪਰਵਾਰ, ਰਿਸ਼ਤੇਦਾਰਾਂ ਅਤੇ ਆਪਣੇ ਮਜ਼ਦੂਰ ਜਮਾਤ ਦੇ ਯੁੱਧ ਸਾਥੀਆਂ ਨੂੰ ਸਦਾ ਲਈ ਮੌਤ ਦੀ ਗੋਦ ਵਿੱਚ ਸਮਾ ਕੇ ਅਲਵਿਦਾ ਕਹਿ ਗਿਆ। ਪਿੱਛੇ ਛੱਡ ਗਿਆ ਕਿਰਤੀ ਵਰਗ ਦੀਆਂ ਮੁਸੀਬਤਾਂ ਦੇ ਹੱਲ ਲਈ ਲੜਦਿਆਂ ਆਪਣੀ ਬਸਰ ਕੀਤੀ ਮਾਣਮੱਤੀ ਜ਼ਿੰਦਗੀ ਦਾ ਲੇਖਾ-ਜੋਖਾ ਅਤੇ ਜਿਸ ਲਹਿਰ ਨੂੰ ਉਹ ਪ੍ਰਣਾਇਆ ਹੋਇਆ ਸੀ, ਉਸ ਲਹਿਰ ਦੇ ਅਧੂਰੇ ਕੰਮ ਨੂੰ ਪੂਰਾ ਕਰਨ ਦਾ ਚੁਣੌਤੀਆਂ ਭਰਿਆ ਕਾਰਜ। ਸਾਥੀ ਭਿੰਦਰ ਸਿੰਘ ਦੇ ਵਿਛੋੜੇ ਦਾ ਉਸ ਦੇ ਸਮੁੱਚੇ ਪਰਵਾਰ ਨੂੰ ਤਾਂ ਵੱਡਾ ਘਾਟਾ ਪਿਆ ਹੀ ਹੈ, ਮਜ਼ਦੂਰ ਵਰਗ ਦੀਆਂ ਨਿਰੰਤਰ ਚੱਲ ਰਹੀਆਂ ਜੱਦੋ ਜਹਿਦਾਂ ਨੂੰ ਵੀ ਉਹਨਾਂ ਦੀ ਅਗਵਾਈ ਦੀ ਘਾਟ ਰੜਕਦੀ ਅਤੇ ਮਹਿਸੂਸ ਕੀਤੀ ਜਾਂਦੀ ਰਹੇਗੀ। ਉਨ੍ਹਾਂ ਦਾ ਜਨਮ ਕਿਸਾਨ ਪਰਵਾਰ ਵਿੱਚ ਮਿਤੀ 5 ਜੂਨ 1944 ਨੂੰ ਪਿਤਾ ਸ੍ਰ. ਬਸੰਤ ਸਿੰਘ ਅਤੇ ਮਾਤਾ ਦਲੀਪ ਕੌਰ ਦੇ ਘਰ ਪਿੰਡ ਕੁੱਪ ਕਲਾਂ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਹੋਇਆ ਸੀ। ਆਪ ਜੀ ਤਿੰਨ ਭਰਾ ਸਨ। ਆਪ ਜੀ ਦੀ ਸ਼ਾਦੀ ਗਿਆਨ ਕੌਰ ਨਾਲ ਹੋਈ। ਉਨ੍ਹਾਂ ਦੇ ਤਿੰਨ ਪੁੱਤਰ ਮੇਜਰ ਸਿੰਘ, ਪਿਆਰਾ ਸਿੰਘ ਅਤੇ ਹਰਦੇਵ ਸਿੰਘ ਹਨ। ਭਿੰਦਰ ਸਿੰਘ ਨੇ ਮਾਲੇਰਕੋਟਲਾ ਤੋਂ 10ਵੀਂ ਜਮਾਤ ਤੱਕ ਵਿੱਦਿਆ ਹਾਸਲ ਕੀਤੀ। ਉਸ ਸਮੇਂ 10 ਜਮਾਤਾਂ ਪਾਸ ਨੂੰ ਚੰਗਾ ਪੜ੍ਹਿਆ-ਲਿਖਿਆ ਸਮਝਿਆ ਜਾਂਦਾ ਸੀ। ਪਰਵਾਰ ਉੱਚ ਵਿੱਦਿਆ ਦਿਵਾਉਣ ਦੇ ਸਮਰੱਥ ਨਹੀਂ ਸੀ, ਸਗੋਂ ਨੌਜੁਆਨ ਪੁੱਤ ਤੋਂ ਉਮੀਦ ਸੀ ਕਿ ਉਹ ਜਲਦੀ ਕੁੱਝ ਕਮਾਉਣ ਲੱਗ ਜਾਵੇ। ਉਹ ਪ੍ਰਾਈਵੇਟ ਬੱਸ ਕੰਪਨੀ ਵਿੱਚ ਬਰਨਾਲੇ ਡਰਾਈਵਰ ਦੇ ਤੌਰ 'ਤੇ ਨੌਕਰੀ ਕਰਨ ਲੱਗ ਪਏ। ਫਿਰ ਉਹ ਮਿਤੀ 10 ਜੂਨ 1972 ਨੂੰ ਪੀ.ਆਰ.ਟੀ.ਸੀ. ਸੰਗਰੂਰ ਡਿਪੂ ਵਿੱਚ ਬਤੌਰ ਡਰਾਈਵਰ ਭਰਤੀ ਹੋ ਗਏ। ਮੈਂ ਵੀ ਉਨ੍ਹਾਂ ਤੋਂ ਪਹਿਲਾਂ ਸੰਗਰੂਰ ਡਿਪੂ ਵਿੱਚ ਹੀ ਕਲਰਕ ਦੀ ਨੌਕਰੀ 'ਤੇ ਕਾਰਜਰਤ ਸੀ। ਆਮ ਤੌਰ 'ਤੇ ਸਾਡੇ ਸਮਾਜ ਵਿੱਚ ਡਰਾਈਵਰ ਨੂੰ ਬਹੁਤੇ ਵਧੀਆ ਨਜ਼ਰੀਏ ਤੋਂ ਨਹੀਂ ਵੇਖਿਆ ਜਾਂਦਾ। ਧਾਰਨਾ ਇਹ ਬਣੀ ਹੋਈ ਹੈ ਕਿ ਡਰਾਈਵਰ ਤਾਂ ਇੱਕ ਅਨਪੜ੍ਹ ਕਿਸਮ ਦੇ ਹੁੰਦੇ ਹਨ, ਭਾਵੇਂ ਹੁਣ ਕੁੱਝ ਨਜ਼ਰੀਆ ਬਦਲਿਆ ਹੈ, ਭਿੰਦਰ ਸਿੰਘ ਜਲਦੀ ਹੀ ਮੇਰੇ ਸੰਪਰਕ ਵਿੱਚ ਆ ਗਿਆ, ਕਿਉਂਕਿ ਭਾਵੇਂ ਮੇਰੀ ਨੌਕਰੀ ਵੀ ਅਜੇ ਦੋ ਕੁ ਸਾਲ ਦੀ ਸੀ, ਪਰ ਮੈਂ ਜਥੇਬੰਦੀ ਵਿੱਚ ਸ਼ੁਰੂ ਦੇ ਕੁੱਝ ਮਹੀਨਿਆਂ ਅੰਦਰ ਹੀ ਸਰਗਰਮ ਹੋ ਕੇ ਰੜਕਣ ਲੱਗ ਪਿਆ ਸੀ। ਗਿਆਨੀ ਤੇਜਿੰਦਰ ਸਿੰਘ ਅਤੇ ਕਾਮਰੇਡ ਸੁਨਹਿਰੀ ਲਾਲ ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ ਏਟਕ ਦੇ ਸੂਬਾਈ ਪ੍ਰਧਾਨ ਅਤੇ ਜਨਰਲ ਸਕੱਤਰ ਸਨ। ਜਿਹੜੇ ਕਿ ਮਜ਼ਦੂਰ ਜਮਾਤ ਦੀ ਬੰਦ-ਖਲਾਸੀ ਦੇ ਸੰਘਰਸ਼ ਨੂੰ ਆਪਣੀ ਸਿਧਾਂਤਕ ਪਰਪੱਕਤਾ ਕਾਰਨ ਪੂਰੀ ਤਰ੍ਹਾਂ ਸਮਰਪਿਤ ਹੋ ਕੇ ਜਥੇਬੰਦੀ ਦੀ ਕੁਲਵਕਤੀ ਦੇ ਤੌਰ 'ਤੇ ਅਗਵਾਈ ਕਰ ਰਹੇ ਸਨ। ਇਨ੍ਹਾਂ ਆਗੂਆਂ ਦਾ ਸਾਦਾ ਜੀਵਨ, ਮਿਹਨਤ ਅਤੇ ਇਮਾਨਦਾਰੀ ਵਰਕਰਾਂ ਨੂੰ ਜਥੇਬੰਦੀ ਨਾਲ ਵੱਡੇ ਪੱਧਰ 'ਤੇ ਜੁੜਨ ਲਈ ਪ੍ਰੇਰਤ ਕਰਦੀ ਸੀ। ਇਹਨਾਂ ਤੋਂ ਹੀ ਪ੍ਰਭਾਵਤ ਹੋ ਕੇ ਅਸੀਂ ਏਟਕ ਦੇ ਮੈਂਬਰ ਬਣੇ। ਸੰਗਰੂਰ ਡਿਪੂ ਵਿੱਚ ਬਹੁਤ ਵੱਡੀ ਗਿਣਤੀ ਨੌਜਵਾਨ ਕਰਮਚਾਰੀਆਂ ਦੀ ਸੀ। ਜਿਹੜੀ ਕਾਫਲਿਆਂ ਦੇ ਰੂਪ ਵਿੱਚ ਏਟਕ ਵਿੱਚ ਬਹੁਤ ਥੋੜ੍ਹੇ ਸਮੇਂ ਵਿੱਚ ਹੀ ਸ਼ਾਮਲ ਹੋ ਗਈ ਸੀ, ਸਾਡੇ ਨਾਲ ਸ਼ਾਮਲ ਹੋ ਕੇ ਭਿੰਦਰ ਸਿੰਘ ਨੇ ਜਥੇਬੰਦਕ ਸਰਗਰਮੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣਾ ਸ਼ੁਰੂ ਕਰ ਦਿੱਤਾ ਸੀ ਅਤੇ ਜਲਦੀ ਹੀ ਉਹ ਇੱਕ ਜਾਣੀ-ਪਛਾਣੀ ਮਕਬੂਲ ਸ਼ਖਸੀਅਤ ਵਾਲੇ ਆਗੂ ਵਜੋਂ ਉਭਰਨ ਲੱਗੇ। ਫਿਰ ਉਨ੍ਹਾਂ ਦੀ ਬਦਲੀ ਬਰਨਾਲਾ ਦੀ ਹੋ ਗਈ। ਜਿੱਥੇ ਜਲਦੀ ਹੀ ਉਨ੍ਹਾਂ ਨੂੰ ਪ੍ਰਧਾਨ ਚੁਣ ਲਿਆ ਗਿਆ। ਇਸ ਤੋਂ ਅੱਗੇ ਚਲੋ ਚੱਲ ਉਹ ਫਰੀਦਕੋਟ ਡਿਪੂ ਵਿੱਚ ਬਦਲ ਕੇ ਗਏ, ਉੱਥੇ ਵੀ ਪ੍ਰਧਾਨ ਚੁਣੇ ਗਏ। ਜਥੇਬੰਦੀ ਦੀ ਸੂਬਾਈ ਟੀਮ ਵਿੱਚ ਉਨ੍ਹਾਂ ਨੂੰ ਕਈ ਵਾਰੀ ਸਕੱਤਰ ਅਤੇ ਮੀਤ ਪ੍ਰਧਾਨ ਦੇ ਤੌਰ 'ਤੇ ਚੁਣਿਆ ਜਾਂਦਾ ਰਿਹਾ। ਉਹ ਇੱਕ ਚੰਗੇ ਸਟੇਜੀ ਬੁਲਾਰੇ ਬਣ ਚੁੱਕੇ ਸਨ। ਪੀ.ਆਰ.ਟੀ.ਸੀ. ਦੇ ਵਰਕਰਾਂ ਦੀ ਕੋਈ ਅਜਿਹੀ ਐਜੀਟੇਸ਼ਨ ਨਹੀਂ ਹੋਵੇਗੀ, ਜਿਸ ਵਿੱਚ ਉਨ੍ਹਾਂ ਨੇ ਹਿੱਸਾ ਨਾ ਲਿਆ ਹੋਵੇ।



ਬਰਨਾਲਾ ਡਿਪੂ ਵਿੱਚ ਹੁੰਦਿਆਂ ਉਨ੍ਹਾਂ ਨੇ 15 ਮਈ 1974 ਨੂੰ ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ ਵੱਲੋਂ ਰੇਲਵੇ ਵਿੱਚ ਚਲ ਰਹੀ ਹੜਤਾਲ ਦੇ ਸਮਰਥਨ ਵਿੱਚ ਇੱਕ ਦਿਨ ਦੀ ਮੁਕੰਮਲ ਹੜਤਾਲ ਕੀਤੀ ਗਈ ਸੀ, ਜਿਹੜੀ ਕਿ ਬਹੁਤ ਹੀ ਸਫਲ ਹੜਤਾਲ ਸੀ। ਸਰਕਾਰ ਨੇ ਪੀ.ਆਰ.ਟੀ.ਸੀ. ਦੀ ਹੜਤਾਲ ਨੂੰ ਤੋੜਨ ਲਈ ਅੱਡੀ-ਚੋਟੀ ਦਾ ਜ਼ੋਰ ਲਾਇਆ ਸੀ। ਬਰਨਾਲੇ ਵਿਖੇ ਭਿੰਦਰ ਸਿੰਘ ਦੀ ਅਗਵਾਈ ਵਿੱਚ ਸ਼ਹਿਰ ਵਿੱਚ ਜਲੂਸ ਕੱਢਿਆ, ਜਿਸ ਨੂੰ ਭਾਰੀ ਪੁਲਸ ਫੋਰਸ ਨੇ ਰੋਕਣ ਦਾ ਯਤਨ ਕੀਤਾ। ਪੁਲਸ ਦੇ ਨਾਲ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਗੁਰਬਖ਼ਸ਼ ਸਿੰਘ ਰਾਹੀ ਆਪਣੇ ਕਾਂਗਰਸੀ ਵਰਕਰਾਂ ਨੂੰ ਨਾਲ ਲੈ ਕੇ ਹੜਤਾਲ ਦਾ ਵਿਰੋਧ ਕਰਨ ਲਈ ਅੱਗੇ ਆਇਆ, ਜਿਸ ਕਰਕੇ ਉਹਨਾਂ ਨਾਲ ਗਰਮਾ-ਗਰਮੀ ਹੋ ਗਈ। ਇਸੇ ਦੌਰਾਨ ਭੀੜ ਵਿੱਚੋਂ ਕਿਸੇ ਨੇ ਰੋੜਾ ਮਾਰ ਦਿੱਤਾ, ਜੋ ਗੁਰਬਖ਼ਸ਼ ਸਿੰਘ ਦੇ ਨੱਕ 'ਤੇ ਵੱਜਿਆ। ਇਸ ਸੰਬੰਧ ਵਿੱਚ ਰਾਜਸੀ ਦਬਾਅ ਕਾਰਨ ਭਿੰਦਰ ਸਿੰਘ ਅਤੇ ਸ਼ਮਸ਼ੇਰ ਸਿੰਘ ਡੀ.ਪੀ.ਏ. ਵਿਰੁੱਧ ਦਫਾ 307 ਲੁਆ ਕੇ ਕੇਸ ਦਰਜ ਕਰਵਾ ਦਿੱਤਾ, ਪਰ ਜਥੇਬੰਦੀ ਦੀ ਤਾਕਤ ਦੇ ਸਾਹਮਣੇ ਪੁਲਸ ਭਿੰਦਰ ਸਿੰਘ ਹੁਰਾਂ ਨੂੰ ਗ੍ਰਿਫਤਾਰ ਕਰਨ ਤੋਂ ਪਾਸਾ ਵੱਟਦੀ ਰਹੀ। ਵਰੰਟ ਵੀ ਕੱਢੇ ਗਏ। ਆਖਰ ਅਸੀਂ ਇਹ ਪਰਚਾ ਰੱਦ ਕਰਵਾਉਣ ਵਿੱਚ ਸਫਲ ਹੋ ਗਏ। ਅਦਾਰੇ ਦਾ ਕੰਮ ਕਰਨਾ ਅਤੇ ਇਸ ਦੇ ਹਿੱਤਾਂ ਦੀ ਰਾਖੀ ਕਰਨ ਨੂੰ ਉਹ ਆਪਣਾ ਪਵਿੱਤਰ ਫਰਜ਼ ਸਮਝਦੇ ਸਨ, ਜਿਸ ਦੀ ਉੱਘੜਵੀਂ ਮਿਸਾਲ ਸੀ ਕਿ ਇੱਕ ਵਾਰੀ ਬਰਨਾਲੇ ਪ੍ਰਾਈਵੇਟ ਬੱਸਾਂ ਵਾਲਿਆਂ ਨਾਲ ਝਗੜਾ ਹੋਇਆ। ਜਿਹੜਾ ਗਹਿਗੱਚ ਲੜਾਈ ਵਿੱਚ ਬਦਲ ਗਿਆ ਸੀ। ਇਸ ਲੜਾਈ ਵਿੱਚ ਉਨ੍ਹਾਂ ਦੇ ਮੋਟਰ ਸਾਈਕਲ ਦੀ ਚੇਨ ਮਾਰ ਦਿੱਤੀ ਗਈ, ਜਿਸ ਨਾਲ ਉਨ੍ਹਾਂ ਦੀ ਇੱਕ ਅੱਖ ਦੀ ਰੋਸ਼ਨੀ ਸਦਾ ਲਈ ਚਲੀ ਗਈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਅਦਾਰੇ ਪ੍ਰਤੀ ਉਹਨਾਂ ਦੀ ਪ੍ਰਤੀਬੱਧਤਾ, ਇਮਾਨਦਾਰੀ ਅਤੇ ਹਰ ਤਰ੍ਹਾਂ ਦੀ ਕੁਰਬਾਨੀ ਦੀ ਭਾਵਨਾ ਕਿਸ ਕਦਰ ਕੁੱਟ-ਕੁੱਟ ਕੇ ਭਰੀ ਹੋਈ ਸੀ।

ਭਿੰਦਰ ਸਿੰਘ ਨੇ ਆਪਣੀਆਂ ਕੁੱਝ ਘਰੇਲੂ ਮਜਬੂਰੀਆਂ ਕਾਰਨ ਰਿਟਾਇਰਮੈਂਟ ਦੀ ਅਸਲ ਤਾਰੀਖ ਤੋਂ 45 ਸਾਲ ਪਹਿਲਾਂ ਮਿਤੀ 3 ਜੂਨ 1998 ਨੂੰ ਅਗੇਤਰੀ ਰਿਟਾਇਰਮੈਂਟ ਲੈ ਲਈ ਸੀ, ਪਰ ਫਿਰ ਵੀ ਉਹਨਾਂ ਵੱਲੋਂ ਜਥੇਬੰਦੀ ਦੇ ਕੰਮਾਂ ਲਈ ਕਦੇ ਢਿੱਲ ਨਹੀਂ ਕੀਤੀ, ਸਗੋਂ ਪਹਿਲਾਂ ਤੋਂ ਵੀ ਵੱਧ ਸਰਗਰਮੀ ਨਾਲ ਕੰਮ ਕਰਦੇ ਹੋਏ ਆਪਣੀ ਸ਼ਾਨਦਾਰ ਭੂਮਿਕਾ ਨਿਭਾਉਂਦੇ ਰਹੇ। ਪੀ.ਆਰ.ਟੀ.ਸੀ. ਦੇ ਸੇਵਾ-ਮੁਕਤ ਕਰਮਚਾਰੀਆਂ ਦੀ ਜਥੇਬੰਦੀ ਬਣਾਉਣ ਦੀ ਮੰਗ ਜ਼ੋਰਦਾਰ ਤਰੀਕੇ ਨਾਲ ਉੱਠੀ ਤਾਂ ਪੀ.ਆਰ.ਟੀ.ਸੀ. ਵਰਕਰਜ਼ ਭਾਈਚਾਰਾ ਮੰਚ ਦਾ ਸੂਬਾਈ ਪੱਧਰ ਦਾ ਗਠਨ ਕੀਤਾ ਗਿਆ ਤਾਂ ਇਸ ਵਿਸ਼ਾਲ ਮੰਚ ਦੇ ਪ੍ਰਧਾਨ ਬਣਨ ਦਾ ਗੁਣਾ ਵੀ ਭਿੰਦਰ ਸਿੰਘ ਹੁਰਾਂ 'ਤੇ ਹੀ ਪਿਆ ਅਤੇ ਉਹ ਆਪਣੇ ਆਖਰੀ ਸਾਹਾਂ ਤੱਕ ਇਸ ਮੰਚ ਦੇ ਪ੍ਰਧਾਨ ਰਹੇ ਅਤੇ ਇਸ ਦਾ ਸੰਚਾਲਨ ਸ਼ਾਨਦਾਰ ਢੰਗ ਨਾਲ ਨਿਭਾਉਂਦੇ ਰਹੇ। ਟਰੇਡ ਯੂਨੀਅਨ ਵਿੱਚ ਲੰਮਾ ਸਮਾਂ ਕੰਮ ਕਰਦਿਆਂ ਉਹਨਾਂ ਨੂੰ ਇਹ ਭਲੀਭਾਂਤ ਅਹਿਸਾਸ ਹੋ ਗਿਆ ਸੀ ਕਿ ਕਿਵੇਂ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਹੁੰਦੀ ਹੈ। ਸਰਮਾਏਦਾਰ ਕਿਰਤੀਆਂ ਦੀ ਮਿਹਨਤ ਲੁੱਟ ਕੇ ਕਿਵੇਂ ਮਾਇਆ ਦੇ ਢੇਰ ਇਕੱਠੇ ਕਰਦੇ ਹਨ। ਕਿਵੇਂ ਸਰਕਾਰਾਂ ਪੂੰਜੀਪਤੀਆਂ ਦੇ ਇਸ਼ਾਰਿਆਂ 'ਤੇ ਨੀਤੀਆਂ ਬਣਾਉਂਦੀਆਂ ਹਨ ਅਤੇ ਆਮ ਲੋਕਾਂ ਦੀ ਲੁੱਟ ਦਾ ਰਾਹ ਪੱਧਰਾ ਕਰਦੀਆਂ ਹਨ। ਦੇਸ਼ ਦੀ ਅਬਾਦੀ ਦਾ ਵੱਡਾ ਹਿੱਸਾ ਗਰੀਬੀ, ਭੁੱਖਮਰੀ ਅਤੇ ਬੇਰੁਜ਼ਗਾਰੀ ਦੀ ਚੱਕੀ ਵਿੱਚ ਕਿਉਂ ਪਿਸ ਰਿਹਾ ਹੈ। ਇਨ੍ਹਾਂ ਸਾਰੀਆਂ ਅਲਾਮਤਾਂ ਦੇ ਖਿਲਾਫ ਲੜਨ ਵਾਲੀ ਭਾਰਤੀ ਕਮਿਊਨਿਸਟ ਪਾਰਟੀ ਦੀ ਵਿਚਾਰਧਾਰਾ ਤੋਂ ਸਾਥੀ ਭਿੰਦਰ ਸਿੰਘ ਪ੍ਰਭਾਵਤ ਸਨ, ਜਿਸ ਕਰਕੇ ਆਪਣੀ ਰਿਟਾਇਰਮੈਂਟ ਤੋਂ ਬਾਅਦ ਉਹਨਾਂ ਨੇ ਸੀ. ਪੀ.ਆਈ. ਦੀਆਂ ਸਰਗਰਮੀਆਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲਿਆ। ਉਹ ਜ਼ਿਲ੍ਹਾ ਸੰਗਰੂਰ ਸੀ.ਪੀ.ਆਈ. ਦੇ ਵੱਖ-ਵੱਖ ਅਦਾਰਿਆਂ ਵਿੱਚ ਲੀਡਰਸ਼ਿਪ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਕੰਮ ਕਰਦੇ ਰਹੇ।

ਅੱਜ ਅਸੀਂ ਉਨ੍ਹਾਂ ਨਮਿਤ ਪਰਵਾਰ ਵੱਲੋਂ ਪਾਏ ਜਾ ਰਹੇ ਭੋਗ ਅਤੇ ਸ਼ਰਧਾਂਜਲੀ ਸਮਾਗਮ ਦੇ ਮੌਕੇ 'ਤੇ ਸਮੁੱਚੀ ਟਰੇਡ ਯੂਨੀਅਨ ਲਹਿਰ ਵੱਲੋਂ ਅਤੇ ਸੀ.ਪੀ.ਆਈ. ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕਰ ਰਹੇ ਹਾਂ, ਉੱਥੇ ਹੀ ਅਸੀਂ ਭਿੰਦਰ ਸਿੰਘ ਵੱਲੋਂ ਪਾਰਟੀ ਅਤੇ ਟਰੇਡ ਯੂਨੀਅਨ ਲਹਿਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਨੂੰ ਯਾਦ ਕਰਦੇ ਹੋਏ ਅਹਿਦ ਕਰਦੇ ਹਾਂ ਕਿ ਭਿੰਦਰ ਸਿੰਘ ਦੀਆਂ ਕੁਰਬਾਨੀਆਂ ਅਤੇ ਕੰਮ ਨੂੰ ਹਮੇਸ਼ਾ ਯਾਦ ਰੱਖਾਂਗੇ। ਉਹ ਸਾਡੇ ਪ੍ਰੇਰਨਾ-ਸਰੋਤ ਵੀ ਬਣੇ ਰਹਿਣਗੇ।

**# ਜਨਰਲ ਸਕੱਤਰ,ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ ਏਟਕ, ਸੰਪਰਕ: 83604-13128**

# ਪਾਠਕ-ਸੱਥ

## ਮਹਿੰਗਾਈ ਦੀ ਮਾਰ

ਮਹਿੰਗਾਈ ਲਗਾਤਾਰ ਬੇਲਗਾਮ ਹੁੰਦੀ ਜਾ ਰਹੀ ਹੈ। ਲੋਕਾਂ ਦਾ ਜਿਊਣਾ ਮੁਸ਼ਕਿਲ ਹੋ ਚੁੱਕਿਆ ਹੈ। ਦਾਲਾਂ ਦੀਆਂ ਕੀਮਤਾਂ ਅਸਮਾਨ ਛੂਹ ਰਹੀਆਂ ਹਨ। ਪਿਆਜ਼ ਹਰ ਸਾਲ ਹੰਝੂ ਕਢਾਉਂਦਾ ਹੈ, ਅੱਜ 50 ਰੁਪਏ ਦੇ ਆਸ ਪਾਸ ਵਿਕ ਰਿਹਾ ਹੈ। ਅਕਸਰ ਸਿਆਣੇ ਲੋਕ ਕਿਹਾ ਕਰਦੇ ਸਨ ਕਿ ਜੇ ਘਰ ਵਿੱਚ ਕੁਝ ਸਬਜ਼ੀ ਬਣਾਉਣ ਨੂੰ ਨਹੀਂ ਹੈ, ਤਾਂ ਆਲੂ ਹੀ ਬਣਾ ਲਵੋ।ਅੱਜ ਆਲੂ ਵੀ 45 ਰੁਪਏ ਹਨ।ਮੂੰਗੀ-ਮਸਰੀ ਦੀ ਦਾਲ ਦਿਨ ਪ੍ਰਤੀ ਦਿਨ ਥਾਲੀ ਚੋਂ ਗਾਇਬ ਹੁੰਦੀ ਜਾ ਰਹੀ ਹੈ। ਤਕਰੀਬਨ ਰਸੋਈ ਗੈਸ ਤੋਂ ਲੈ ਕੇ ਘਰ ਦਾ ਘਰੇਲੂ ਬਜਟ ਵਿਗੜ ਚੁੱਕਾ ਹੈ। ਫਲਾਂ ਦੀ ਤਾਂ ਗੱਲ ਹੀ ਛੱਡ ਦਿਓ। ਰੋਟੀ ਭਰ ਪੇਟ ਹੀ ਮਿਲ ਜਾਏ, ਏਨਾ ਥੋੜ੍ਹਾ ਹੈ। ਅੱਜ ਦੀ ਮਹਿੰਗਾਈ ਵਿੱਚ ਤੇ ਕੋਰੋਨਾ ਮਾਰ ਦੇ ਝੰਬੇ ਲੋਕ ਅਜੇ ਤੱਕ ਮੁੜ ਲੀਹ 'ਤੇ ਨਹੀਂ ਆਏ। ਜਿੰਨੀ ਵੀ ਲੋਕਾਂ ਨੇ ਜਮ੍ਹਾਂ ਪੂੰਜੀ ਕੀਤੀ ਹੋਈ ਸੀ, ਸਭ ਮਹਿੰਗਾਈ ਹੋਣ ਕਰਕੇ ਬੈਂਕਾਂ ਵਿੱਚੋਂ ਨਿਕਲ ਚੁੱਕੀ ਹੈ। ਪ੍ਰਾਈਵੇਟ ਸੈਕਟਰ ਦਾ ਬਹੁਤ ਮਾੜਾ ਹਾਲ ਹੈ।ਅੱਜ ਲੋਕਾਂ ਨੂੰ ਆਪਣੀ ਕਾਬਲੀਅਤ ਮੁਤਾਬਕ ਰੁਜ਼ਗਾਰ ਨਹੀਂ ਮਿਲ ਰਿਹਾ। ਉਹ ਮਜਬੂਰੀ ਵੱਸ ਘੱਟ ਪੈਸਿਆਂ 'ਤੇ ਹੀ ਨੌਕਰੀ ਕਰਨ ਲਈ ਤਿਆਰ ਹਨ। ਸਿਹਤ ਸਹੂਲਤਾਂ ਦੀ ਤਾਂ ਗੱਲ ਹੀ ਛੱਡ ਦਿਓ। ਮਹਿੰਗੇ ਮੈਡੀਕਲ ਟੈਸਟ, ਦਵਾਈਆਂ ਹਰ ਚੀਜ਼ ਨੂੰ ਅੱਗ ਲੱਗੀ ਹੋਈ ਹੈ। ਪੈਸੇ ਦੀ ਕਮੀ ਕਾਰਨ ਸਮੇਂ ਸਿਰ ਇਲਾਜ ਨਾ ਕਰਾਉਣ ਕਾਰਨ ਕਈ ਵਾਰ ਲੋਕ ਮੌਤ ਦੇ ਮੂੰਹ ਵਿੱਚ ਚਲੇ ਜਾਂਦੇ ਹਨ। ਪੰਜਾਬ ਦਾ ਮਾਲਵਾ ਖੇਤਰ ਕੈਂਸਰ ਦੀ ਮਾਰ ਹੇਠ ਹੈ। ਪੀਣ ਵਾਲਾ ਪਾਣੀ ਲੋਕਾਂ ਨੂੰ ਨਹੀਂ ਮਿਲ ਰਿਹਾ। ਲਗਾਤਾਰ ਬੇਰੁਜ਼ਗਾਰੀ ਵਧਦੀ ਜਾ ਰਹੀ ਹੈ। ਜ਼ਰੂਰੀ ਤੇ ਖੁਰਾਕੀ ਵਸਤਾਂ ਆਮ ਆਦਮੀ ਦੀ ਪਹੁੰਚ ਤੋਂ ਦੂਰ ਹੋ ਚੁੱਕੀਆਂ ਹਨ। ਤਨਖਾਹਾਂ ਉੱਥੇ ਹੀ ਖੜ੍ਹੀਆਂ ਹਨ, ਪਰ ਲਗਾਤਾਰ ਮਹਿੰਗਾਈ ਆਮ ਵਧ ਰਹੀ ਹੈ। ਸਰਕਾਰ ਨੂੰ ਮਹਿੰਗਾਈ ਨੂੰ ਠੱਲ੍ਹ ਪਾਉਣ ਲਈ ਸੰਜੀਦਾ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਆਮ ਜੋ ਲੋਕਾਂ ਨੂੰ ਕੁਝ ਰਾਹਤ ਮਿਲੇ।

**-ਸੰਜੀਵ ਸਿੰਘ ਸੈਣੀ, ਮੋਹਾਲੀ**

## ਕੇਂਦਰੀ ਬਜਟ ਤੋਂ ਆਸ

ਜਿਵੇਂ ਕਿ 22 ਜੁਲਾਈ ਤੋਂ ਭਾਰਤੀ ਸੰਸਦ ਵਿੱਚ ਅਠਾਰ੍ਹਵੀਂ ਲੋਕ ਸਭਾ ਦਾ ਪਹਿਲਾ ਬਜਟ ਸੈਸ਼ਨ ਸ਼ੁਰੂ ਹੋ ਰਿਹਾ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਆਪਣੇ ਲਗਾਤਾਰ ਤੀਜੇ ਕਾਰਜਕਾਲ ਦੀ ਸ਼ੁਰੂਆਤ ਕਰ ਚੁੱਕੇ ਹਨ। ਭਾਰਤੀ ਜਨਤਾ ਦੀ ਪੂਰੀ ਆਸ ਰਹੇਗੀ ਕਿ ਇਸ ਵਾਰ ਕੇਂਦਰ ਸਰਕਾਰ ਕੇਂਦਰੀ ਬਜਟ ਵਿੱਚ ਬਹੁਤ ਕੁਝ ਨਵਾਂ ਵੀ ਸ਼ਾਮਲ ਕਰੇਗੀ ਅਤੇ ਪਿਛਲੀਆਂ ਚੱਲ ਰਹੀਆਂ ਸਾਰੀਆਂ ਸਰਕਾਰੀ ਯੋਜਨਾਵਾਂ ਨੂੰ ਜਾਰੀ ਰੱਖਣ ਲਈ ਭਰਪੂਰ ਫੰਡਾਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਵੇਗੀ। ਸਿੱਖਿਆ, ਸਿਹਤ, ਰੱਖਿਆ, ਭੋਜਨ ਸੁਰੱਖਿਆ, ਬਿਜਲੀ, ਪਾਣੀ, ਵਾਤਾਵਰਣ ਸੰਭਾਲ ਅਤੇ ਪੇਂਡੂ ਵਿਕਾਸ ਵਰਗੇ ਅਤਿ ਜ਼ਰੂਰੀ ਪਹਿਲੂਆਂ ਲਈ ਬਜਟ ਵਿੱਚ ਵਿਸ਼ੇਸ਼ ਤਵੱਜੋ ਦਿੱਤੀ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ ਨੌਕਰੀਪੇਸ਼ਾ ਲੋਕਾਂ ਲਈ ਇਨਕਮ ਟੈਕਸ ਸਲੈਬ ਵਿੱਚ ਨਵੀਂ ਰਾਹਤ ਵੀ ਦੇਣੀ ਬਣਦੀ ਹੈ।

ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਕੰਟਰੋਲ ਵਿੱਚ ਰੱਖਣ ਲਈ ਵੱਧ ਤੋਂ ਵੱਧ ਸਬਸਿਡੀ ਜਾਰੀ ਰੱਖਣ ਦਾ ਯਤਨ ਕਰਦੇ ਹੋਏ ਸਰਕਾਰ ਨੂੰ ਰੇਲਵੇ ਸਮੇਤ ਅਨੇਕਾਂ ਸਰਕਾਰੀ ਅਤੇ ਸਹਿਕਾਰੀ ਅਦਾਰਿਆਂ ਵਿੱਚ ਖਾਲੀ ਅਸਾਮੀਆਂ ਨੂੰ ਭਰਨ ਲਈ ਬਜਟ ਵਿੱਚ ਇਸ ਬਾਰੇ ਜ਼ਰੂਰ ਖ਼ਿਆਲ ਰੱਖਣਾ ਚਾਹੀਦਾ ਹੈ। ਆਸ ਹੈ ਕਿ ਇਸ ਵਾਰ ਦਾ ਕੇਂਦਰੀ ਬਜਟ, ਸੂਬਾ ਸਰਕਾਰਾਂ ਲਈ ਵੀ ਵਿਸ਼ੇਸ਼ ਰਾਹਤ ਦੇਣ ਵਾਲਾ ਹੋਵੇਗਾ।

**-ਯਸ਼ਪਾਲ ਮਾਹਵਰ, ਸ੍ਰੀ ਮੁਕਤਸਰ ਸਾਹਿਬ**

